SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 23* Issue 63 | Thursday, April 04, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online* ਰੋਜ਼ਾਨਾ ਪੜ੍ਹ ਸਕਦੇ ਹੋ

## ਲਿਬਰਲਾਂ 'ਤੇ ਕੰਜ਼ਰਵੇਟਿਵਾਂ ਦੀ ਲੀਡ ਘਟੀ, ਐਨਡੀਪੀ ਦੇ ਸਮਰਥਨ 'ਚ ਆਈ ਗਿਰਾਵਟ : ਨੈਨੋਜ਼

ਓਟਵਾ, 3 ਅਪਰੈਲ (ਪੋਸਟ ਬਿਊਰੋ) : ਨੈਨੋਜ਼ ਰਿਸਰਚ ਵੱਲੋਂ ਜਾਰੀ ਕੀਤੇ ਗਏ ਨਵੇਂ ਡਾਟਾ ਅਨੁਸਾਰ ਫੈਡਰਲ ਲਿਬਰਲਾਂ ਤੇ ਕੰਜ਼ਰਵੇਟਿਵ ਪਾਰਟੀ ਦਰਮਿਆਨ ਜਿਹੜੀ ਲੀਡ ਸੀ ਉਹ ਕਾਫੀ ਘੱਟ ਗਈ ਹੈ। 20 ਫੀ ਸਦੀ ਅੰਕਾਂ ਨਾਲ ਜਿੱਥੇ ਕੰਜ਼ਰਵੇਟਿਵ ਪਾਰਟੀ ਅੱਗੇ ਚੱਲ ਰਹੀ ਸੀ ਉਹ ਫਾਸਲਾ ਹੁਣ 12 ਅੰਕਾਂ ਦੀ ਲੀਡ ਉੱਤੇ ਆ ਕੇ ਰੁਕ ਗਿਆ ਹੈ।



ਸਤੰਬਰ ਤੋਂ ਹੀ ਪਿਏਰ ਪੌਲੀਐਵਰ ਦੀ ਅਗਵਾਈ ਵਿੱਚ ਕੰਜ਼ਰਵੇਟਿਵਾਂ ਨੇ ਲਿਬਰਲਾਂ ਤੋਂ ਸੁਰੱਖਿਅਤ ਲੀਡ ਮੇਨਟੇਨ ਕੀਤੀ ਹੋਈ ਸੀ। ਇੱਕ ਮਹੀਨੇ ਪਹਿਲਾਂ ਤੱਕ ਇਹ ਵਕਫਾ 20 ਫੀ ਸਦੀ ਅੰਕਾਂ ਦਾ ਸੀ। ਉਸ ਸਮੇਂ ਲਿਬਰਲਾਂ ਨੂੰ 23.8 ਫੀ ਸਦੀ ਸਮਰਥਨ ਹਾਸਲ ਹੋ ਰਿਹਾ ਸੀ ਜਦਕਿ ਕੰਜ਼ਰਵੇਟਿਵ 42.8 ਫੀ ਸਦੀ ਸਮਰਥਨ ਦਾ ਆਨੰਦ ਮਾਣ ਰਹੇ ਸਨ।ਪਰ ਨੈਨੋਜ਼ ਵੱਲੋਂ ਕਰਵਾਏ ਗਈ ਤਾਜ਼ਾ ਟਰੈਕਿੰਗ ਅਨੁਸਾਰ ਕੰਜ਼ਰਵੇਟਿਵ ਹੁਣ 38 ਫੀ ਸਦੀ ਦੇ ਨੇੜੇ ਤੇੜੇ ਹਨ ਜਦਕਿ ਲਿਬਰਲ ਹੁਣ 26 ਫੀ ਸਦੀ ਅੰਕਾਂ ਉੱਤੇ ਹਨ।

ਨੈਨੋਜ਼ ਰਿਸਰਚ ਦੇ ਬਾਨੀ ਨਿੱਕ ਨੈਨੋਜ਼ ਨੇ ਆਖਿਆ ਕਿ ਹੁਣ ਵਾਲੇ ਅੰਕੜਿਆਂ ਤੋਂ ਕੰਜ਼ਰਵੇਟਿਵਾਂ ਦੇ ਸਮਰਥਨ ਵਿੱਚ ਮਾਮੂਲੀ ਗਿਰਾਵਟ ਆਈ ਮਹਿਸੂਸ ਹੋ ਰਹੀ ਹੈ। ਉਨ੍ਹਾਂ ਆਖਿਆ ਕਿ ਉਹ ਵੀ ਸਮਾਂ ਸੀ ਜਦੋਂ ਕੰਜ਼ਰਵੇਟਿਵਾਂ ਨੂੰ 43 ਫੀ ਸਦੀ ਸਮਰਥਨ ਹਾਸਲ ਹੋ ਰਿਹਾ ਸੀ ਪਰ ਸਾਰੇ ਜਾਣਦੇ ਸਨ ਕਿ ਉਹ ਐਨੀ ਵੱਡੀ ਲੀਡ ਨੂੰ ਬਰਕਰਾਰ ਨਹੀਂ ਰੱਖ ਪਾਉਣਗੇ। ਉਨ੍ਹਾਂ ਅੱਗੇ ਆਖਿਆ ਕਿ ਅਜੇ ਵੀ ਕੰਜ਼ਰਵੇਟਿਵਾਂ ਨੂੰ 12 ਅੰਕਾਂ ਦੀ ਲੀਡ ਹਾਸਲ ਹੈ ਪਰ ਵੇਖਣ ਵਾਲੀ ਗੱਲ ਇਹ ਹੈ ਕਿ ਕੀ ਉਹ ਇਸ ਲੀਡ ਨੂੰ ਬਰਕਰਾਰ ਰੱਖ ਪਾਉਣ ਵਿੱਚ ਕਾਮਯਾਬ ਹੋਣਗੇ ਜਾਂ ਨਹੀਂ ਤੇ ਕੀ ਇਹ 10 ਤੇ 12 ਅੰਕਾਂ ਦੀ ਲੀਡ ਹੁਣ ਨਰਮਲ ਗੱਲ ਬਣ ਗਈ ਹੈ।

ਇਸ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਪ੍ਰਧਾਨ ਮੰਤਰੀ ਦੀ ਤਰਜੀਹ ਦੇ ਮਾਮਲੇ ਵਿੱਚ ਵੀ ਕੰਜ਼ਰਵੇਟਿਵਾਂ ਦੀ ਲੀਡ ਘਟੀ ਹੈ। ਮਾਰਚ ਦੇ ਸ਼ੁਰੂ ਵਿੱਚ ਪੌਲੀਐਵਰ ਟਰੂਡੋ ਦੇ 19.2 ਫੀ ਸਦੀ ਅੰਕੜਿਆਂ ਦੇ ਮੁਕਾਬਲੇ 36.9 ਫੀ ਸਦੀ ਨਾਲ ਅੱਗੇ ਚੱਲ ਰਹੇ ਸਨ। ਪਰ ਹੁਣ ਪੌਲੀਐਵਰ ਨੂੰ 33.4 ਫੀ ਸਦੀ ਸਮਰਥਨ ਹਾਸਲ ਹੋ ਰਿਹਾ ਹੈ ਜਦਕਿ ਟਰੂਡੋ 21.5 ਫੀ ਸਦੀ ਉੱਤੇ ਪਹੁੰਚ ਗਏ ਹਨ। ਐਨਡੀਪੀ ਆਗੂ ਜਗਮੀਤ ਸਿੰਘ ਇੱਕ ਮਹੀਨੇ ਪਹਿਲਾਂ ਤੱਕ 17 ਫੀ ਸਦੀ ਉੱਤੇ ਚੱਲ ਰਹੇ ਸਨ ਜਦਕਿ ਹੁਣ ਉਨ੍ਹਾਂ ਦੀ ਮਕਬੂਲੀਅਤ 14.8 ਫੀ ਸਦੀ ਰਹਿ ਗਈ ਹੈ।

## ਐਜੂਕੇਸ਼ਨਲ ਵਰਕਰਜ਼ ਦੀ ਹੜਤਾਲ ਕਾਰਨ ਯੌਰਕ ਯੂਨੀਵਰਸਿਟੀ ਦੇ ਵਿਦਿਆਰਥੀ ਕਰ ਰਹੇ ਹਨ ਫੀਸਾਂ ਮੋੜਨ ਦੀ ਮੰਗ

ਓਨਟਾਰੀਓ, 3 ਅਪਰੈਲ (ਪੋਸਟ ਬਿਊਰੋ) : ਯੌਰਕ ਯੂਨੀਵਰਸਿਟੀ ਦੇ ਐਜੂਕੇਸ਼ਨਲ ਵਰਕਰਜ਼ ਵੱਲੋਂ ਕੀਤੀ ਗਈ ਹੜਤਾਲ ਆਪਣੇ ਪੰਜਵੇਂ ਹਫਤੇ ਵਿੱਚ ਪਹੁੰਚ ਗਈ ਹੈ ਤੇ ਅਜਿਹੇ ਵਿੱਚ ਹੜਤਾਲ ਤੋਂ ਪ੍ਰਭਾਵਿਤ ਹੋ ਰਹੇ ਵਿਦਿਆਰਥੀਆਂ ਵੱਲੋਂ ਟਿਊਸ਼ਨ ਫੀਸਾਂ ਮੋੜਨ ਦੀ ਮੰਗ ਕੀਤੀ ਜਾ ਰਹੀ ਹੈ। 5000 ਤੋਂ ਵੀ ਵੱਧ ਵਿਦਿਆਰਥੀਆਂ ਵੱਲੋਂ ਸਾਈਨ ਕੀਤੀ ਗਈ ਪਟੀਸ਼ਨ ਵਿੱਚ ਆਖਿਆ ਗਿਆ ਹੈ ਕਿ ਇਸ ਹੜਤਾਲ ਵਿੱਚ ਸ਼ਾਮਲ ਇੰਸਟ੍ਰਕਟਰਜ਼, ਟੀਚਰਜ਼ ਅਸਿਸਟੈਂਟਸ (ਟੀਏਜ਼) ਤੇ ਗ੍ਰੈਜੂਏਟ ਅਸਿਸਟੈਂਟਸ ਕਾਰਨ ਸਾਡੀ ਪੜ੍ਹਾਈ ਉੱਤੇ ਵੱਡਾ ਅਸਰ ਪੈ ਰਿਹਾ ਹੈ। ਐਜੂਕੇਸ਼ਨਲ ਵਰਕਰਜ਼, ਜਿਹੜੇ ਯੂਨੀਵਰਸਿਟੀ ਦੀਆਂ 50 ਫੀ ਸਦੀ ਤੋਂ ਵੱਧ ਕਲਾਸਾਂ ਲੈਂਦੇ ਹਨ, ਯੂਨੀਵਰਸਿਟੀ ਨਾਲ ਗੱਲਬਾਤ ਸਿਰੇ ਨਾ ਚੜ੍ਹਨ ਕਾਰਨ ਫਰਵਰੀ ਵਿੱਚ ਹੜਤਾਲ ਉੱਤੇ ਚਲੇ ਗਏ ਸਨ। ਉਦੋਂ ਤੋਂ ਹੀ ਭਾਵੇਂ ਮੀਂਹ ਆਵੇ ਭਾਵੇਂ ਨੇਰ੍ਹੀ ਆਵੇ ਉਹ ਹੜਤਾਲ ਉੱਤੇ ਹੀ ਹਨ।




ਹੜਤਾਲ ਉੱਤੇ ਬੈਠੇ ਇਨ੍ਹਾਂ ਮੁਲਾਜ਼ਮਾਂ ਵਿੱਚੋਂ ਇੱਕ ਨੇ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਉਨ੍ਹਾਂ ਨਾਲ ਕੋਈ ਖਾਸ ਗੱਲਬਾਤ ਨਹੀਂ ਕੀਤੀ ਜਾ ਰਹੀ ਪਰ ਫਿਰ ਵੀ ਉਹ ਇਸ ਆਸ ਨਾਲ ਹੜਤਾਲ ਕਰ ਰਹੇ ਹਨ ਕਿ ਉਨ੍ਹਾਂ ਦੀ ਜੂਨ ਵਿੱਚ ਵੀ ਥੋੜ੍ਹਾ ਸੁਧਾਰ ਆਵੇਗਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵਿੱਚੋਂ ਬਹੁਤੇ ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਹਨ ਕਿਉਂਕਿ ਪਿਛਲੇ ਕੁੱਝ ਸਮੇਂ ਵਿੱਚ ਮਹਿੰਗਾਈ ਕਾਫੀ ਵੱਧ ਗਈ ਹੈ।ਦੂਜੇ ਪਾਸੇ ਯੂਨੀਵਰਸਿਟੀ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਆਖਿਆ ਗਿਆ ਕਿ ਉਨ੍ਹਾਂ ਦਾ ਪੂਰਾ ਧਿਆਨ ਵਿਦਿਆਰਥੀਆਂ ਨੂੰ ਕਲਾਸਾਂ ਵਿੱਚ ਵਾਪਿਸ ਲਿਆਉਣ ਉੱਤੇ ਹੈ ਤੇ ਉਹ ਜਲਦ ਹੜਤਾਲ ਉੱਤੇ ਗਏ ਮੁਲਾਜ਼ਮਾਂ ਨੂੰ ਵੀ ਵਾਪਿਸ ਕੰਮ ਉੱਤੇ ਲਿਆਉਣ ਲਈ ਯਤਨਸ਼ੀਲ ਹਨ।

ਕਈ ਵਿਦਿਆਰਥੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਪੜ੍ਹਾਈ ਦਾ ਕਾਫੀ ਹਰਜ਼ਾ ਹੋ ਰਿਹਾ ਹੈ। ਇੰਟਰਨੈਸ਼ਨਲ ਵਿਦਿਆਰਥੀਆਂ ਵਿੱਚੋਂ ਕੁੱਝ ਟਰਾਂਸਫਰ ਕਰਵਾਉਣ ਦੀ ਸੋਚ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਫੀਸਾਂ ਬਹੁਤ ਮਹਿੰਗੀਆਂ ਪੈ ਰਹੀਆਂ ਹਨ ਪਰ ਪੜ੍ਹਾਈ ਦਾ ਨਾਮੋ ਨਿਸ਼ਾਨ ਨਹੀਂ ਹੈ। ਇਸ ਲਈ ਵਿਦਿਆਰਥੀਆਂ ਵਿੱਚ ਬੈਚੈਨੀ ਪਾਈ ਜਾ ਰਹੀ ਹੈ ਤੇ ਫੀਸਾਂ ਮੋੜਨ ਦੀ ਮੰਗ ਕੀਤੀ ਜਾ ਰਹੀ ਹੈ।

## ਮਹਿਲਾ ਨੂੰ ਅਗਵਾ ਕਰਨ ਵਾਲੇ 2 ਮਸ਼ਕੂਕਾਂ ਨੂੰ ਕੀਤਾ ਗਿਆ ਚਾਰਜ

ਮਿਸੀਸਾਗਾ, 3 ਅਪਰੈਲ (ਪੋਸਟ ਬਿਊਰੋ) : ਇੱਕ ਮਹਿਲਾ ਨੂੰ ਜ਼ਬਰਦਸਤੀ ਆਪਣੀ ਗੱਡੀ ਵਿੱਚ ਲੱਦ ਕੇ ਉਸ ਨੂੰ ਦੇਹ ਵਪਾਰ ਦੇ ਧੰਦੇ ਵਿੱਚ ਪਾਉਣ ਲਈ ਮਿਸੀਸਾਗਾ ਦੇ ਹੋਟਲ ਵਿੱਚ ਲਿਜਾਣ ਵਾਲੇ ਦੋ ਵਿਅਕਤੀਆਂ ਨੂੰ ਪੁਲਿਸ ਵੱਲੋਂ ਚਾਰਜ ਕੀਤਾ ਗਿਆ ਹੈ। ਇਹ ਜਾਣਕਾਰੀ ਦਰਹਾਮ ਰੀਜਨਲ ਪੁਲਿਸ ਵੱਲੋਂ ਦਿੱਤੀ ਗਈ।




31 ਮਾਰਚ ਨੂੰ ਰਾਤੀਂ 10:30 ਵਜੇ ਤੋਂ ਬਾਅਦ ਐਜੈਕਸ ਵਿੱਚ ਕਿੰਗਜ਼ ਕ੍ਰੀਸੈਂਟ ਤੇ ਬਰਚਰ ਰੋਡ ਇਲਾਕੇ ਵਿੱਚ ਪੁਲਿਸ ਅਧਿਕਾਰੀਆਂ ਨੂੰ ਵੈੱਲਨੈੱਸ ਚੈੱਕ ਕਰਨ ਲਈ ਆਖਿਆ ਗਿਆ। ਪੁਲਿਸ ਨਾਲ ਉਸ ਸਮੇਂ ਸੰਪਰਕ ਕੀਤਾ ਗਿਆ ਜਦੋਂ ਇੱਕ ਮਹਿਲਾ ਆਪਣੇ ਨਿੱਤ ਪਰਤਣ ਦੇ ਸਮੇਂ ਤੋਂ ਕਾਫੀ ਬਾਅਦ ਵੀ ਘਰ ਨਹੀਂ ਪਰਤੀ। ਇਹ ਵੀ ਰਿਪੋਰਟ ਮਿਲੀ ਕਿ ਇੱਕ ਮਹਿਲਾ ਨੂੰ ਦੋ ਅਣਪਛਾਤੇ ਵਿਅਕਤੀਆਂ ਨਾਲ ਗੱਡੀ ਵਿੱਚ ਬੈਠਦਿਆਂ ਵੇਖਿਆ ਗਿਆ।ਅਧਿਕਾਰੀਆਂ ਨੂੰ ਬਾਅਦ ਵਿੱਚ ਪਤਾ ਲੱਗਿਆ ਕਿ ਮਹਿਲਾ ਇੱਕ ਮਸ਼ਕੂਕ ਨਾਲ ਫਰੈਂਚ ਸੋਸ਼ਲ ਮੀਡੀਆ ਐਪ ਯੂਬੋ ਰਾਹੀਂ ਦਿਨ ਵੇਲੇ ਗੱਲਬਾਤ ਕਰ ਰਹੀ ਸੀ।

ਇਹ ਵੀ ਪਤਾ ਲੱਗਿਆ ਕਿ ਮਹਿਲਾ ਨੇ ਮਸ਼ਕੂਕ ਨੂੰ ਦੁਪਹਿਰ ਸਮੇਂ ਮਿਲਣਾ ਸੀ ਪਰ ਉਹ ਵਿਅਕਤੀ ਨਿਰਧਾਰਤ ਸਮੇਂ ਉੱਤੇ ਪਹੁੰਚਿਆ ਹੀ ਨਹੀਂ।ਸ਼ਾਮ ਸਮੇਂ ਮਹਿਲਾ ਆਪਣੀ ਦੋਸਤ ਨਾਲ ਸੈਰ ਕਰ ਰਹੀ ਸੀ ਜਦੋਂ ਮਸ਼ਕੂਕ ਇੱਕ ਹੋਰ ਵਿਅਕਤੀ ਨਾਲ ਇੱਕ ਗੱਡੀ ਲੈ ਕੇ ਉਸ ਕੋਲ ਪਹੁੰਚਿਆ। ਫਿਰ ਮਸ਼ਕੂਕ ਨੇ ਮਹਿਲਾ ਨੂੰ ਜ਼ਬਰਦਸਤੀ ਗੱਡੀ ਵਿੱਚ ਬਿਠਾ ਲਿਆ ਤੇ ਮੌਕੇ ਤੋਂ ਫਰਾਰ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਮਹਿਲਾ ਨੇ ਕਿਸੇ ਤਰ੍ਹਾਂ ਆਪਣੀ ਸਹੇਲੀ ਨੂੰ ਟੈਕਸਟ ਭੇਜ ਕੇ ਮਦਦ ਮੰਗੀ ਤੇ ਇਹ ਵੀ ਦੱਸਿਆ ਕਿ ਉਸ ਨੂੰ ਜ਼ਬਰਦਸਤੀ ਦੇਹ ਵਪਾਰ ਦੇ ਧੰਦੇ ਵਿੱਚ ਧੱਕਿਆ ਜਾ ਰਿਹਾ ਹੈ।

ਜਾਂਚਕਾਰਾਂ ਨੇ ਮਹਿਲਾ ਦਾ ਪਤਾ ਲਾ ਲਿਆ । ਫਿਰ ਮਿਸੀਸਾਗਾ ਦੇ ਇੱਕ ਹੋਟਲ ਵਿੱਚੋਂ ਦੋਵਾਂ ਮਸ਼ਕੂਕਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਤੇ ਮਹਿਲਾ ਨੂੰ ਸੁਰੱਖਿਅਤ ਥਾਂ ਉੱਤੇ ਪਹੁੰਚਾਇਆ ਗਿਆ। ਮਹਿਲਾ ਨੂੰ ਸ਼ਰੀਰਕ ਤੌਰ ਉੱਤੇ ਕੋਈ ਨੁਕਸਾਨ ਨਹੀਂ ਪਹੁੰਚਾਇਆ ਗਿਆ। ਦੋਵਾਂ ਮਸ਼ਕੂਕਾਂ ਦੀ ਪਛਾਣ ਓਸ਼ਵਾ ਦੇ 19 ਸਾਲਾ ਓਨੀਲ ਫੋਰਡ ਤੇ ਪਿੱਕਰਿੰਗ ਦੇ 20 ਸਾਲਾ ਡੀਸ਼ਾਅਨ ਬ੍ਰਾਊਨ ਵਜੋਂ ਹੋਈ ਹੈ। ਉਨ੍ਹਾਂ ਉੱਤੇ ਕਿਡਨੈਪਿੰਗ ਸਬੰਧੀ ਚਾਰਜ ਲਾਏ ਗਏ ਹਨ।

## ਉੱਤਰੀ ਕੋਰੀਆ ਨੇ ਹਾਈਪਰਸੋਨਿਕ ਮਿਜ਼ਾਈਲ ਦਾ ਕੀਤਾ ਪ੍ਰੀਖਣ

ਸਿਓਲ, 3 ਅਪ੍ਰੈਲ (ਪੋਸਟ ਬਿਊਰੋ): ਉੱਤਰੀ ਕੋਰੀਆ ਦੇ ਤਾਨਾਸ਼ਾਹ ਕਿਮ ਜੋਂਗ ਦਾ ਮਿਜ਼ਾਈਲਾਂ ਨਾਲ ਪਿਆਰ ਸਭ ਨੂੰ ਪਤਾ ਹੈ। ਅਜਿਹੀਆਂ ਖ਼ਬਰਾਂ ਹਰ ਸਮੇਂ ਆਉਂਦੀਆਂ ਹਨ ਜਦੋਂ ਉੱਤਰੀ ਕੋਰੀਆ ਮਿਜ਼ਾਈਲਾਂ ਦਾ ਪ੍ਰੀਖਣ ਕਰਦਾ ਹੈ ਅਤੇ ਉਨ੍ਹਾਂ ਨੂੰ ਸਫਲ ਵੀ ਕਰਾਰ ਦਿੰਦਾ ਹੈ। ਗੁਆਂਢੀ ਦੇਸ਼ਾਂ ਅਤੇ ਅਮਰੀਕਾ ਨਾਲ ਉੱਤਰੀ ਕੋਰੀਆ ਦਾ ਪਰਮਾਣੂ ਤਣਾਅ ਹਮੇਸ਼ਾ ਬਰਕਰ-ਾਰ ਰਿਹਾ ਹੈ। ਡੈੱਡਲਾਕ ਦੇ ਬਾਵਜੂਦ, ਉੱਤਰੀ ਕੋਰੀਆ ਦੁਆਰਾ ਹਥਿਆਰਾਂ ਦਾ ਪ੍ਰਦਰਸ਼ਨ ਜਾਰੀ ਹੈ। ਉੱਤਰੀ ਕੋਰੀਆ ਆਪਣੇ ਹਥਿਆਰਾਂ ਦੇ ਬੇੜੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕਦਮ ਚੁੱਕ ਰਿਹਾ ਹੈ। ਹੁਣ ਉੱਤਰੀ ਕੋਰੀਆ ਨੇ ਠੋਸ ਈਂਧਨ ਦੁਆਰਾ ਸੰਚਾਲਿਤ ਇੱਕ ਨਵੀਂ ਮੱਧਮ ਦੂਰੀ ਦੀ ਹਾਈਪਰਸੋਨਿਕ ਮਿਜ਼ਾਈਲ ਦਾ ਪ੍ਰੀਖਣ ਕੀਤਾ ਹੈ। ਇਹ ਜਾਣਕਾਰੀ ਬੁੱਧਵਾਰ ਨੂੰ ਦੇਸ਼ ਦੇ ਸਰਕਾਰੀ ਮੀਡੀਆ ਨੇ ਦਿੱਤੀ।



ਉੱਤਰੀ ਕੋਰੀਆ ਦੁਆਰਾ ਕੀਤੇ ਗਏ ਹਾਈਪਰਸੋਨਿਕ ਮਿਜ਼ਾਈਲ ਪ੍ਰੀਖਣ ਤੋਂ ਬਾਅਦ ਖੇਤਰ ਵਿੱਚ ਤਣਾਅ ਹੋਰ ਵਧ ਸਕਦਾ ਹੈ। ਦੱਖਣੀ ਕੋਰੀਆ ਹਮੇਸ਼ਾ ਹੀ ਉੱਤਰੀ ਕੋਰੀਆ ਦੀਆਂ ਅਜਿਹੀਆਂ ਕਾਰਵਾਈਆਂ ਦਾ ਵਿਰੋਧ ਕਰਦਾ ਰਿਹਾ ਹੈ। ਦੱਖਣੀ ਕੋਰੀਆ ਨੇ ਉੱਤਰੀ ਕੋਰੀਆ ਨੂੰ ਭੜਕਾਉਣ ਲਈ ਅਜਿਹੇ ਮਿਜ਼ਾਈਲ ਪ੍ਰੀਖਣ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਅਜਿਹੇ ਪ੍ਰੀਖਣ ਕੋਰੀਆਈ ਪ੍ਰਾਇਦੀਪ ਦੀ ਸ਼ਾਂਤੀ ਲਈ ਗੰਭੀਰ ਖ਼ਤਰਾ ਹਨ।

## ਸਮੁੰਦਰੀ ਬੇੜਿਆਂ ਵਾਲੇ ਕੰਟੇਨਰਜ਼ ਵਿੱਚੋਂ ਬਰਾਮਦ ਕੀਤੀਆਂ ਗਈਆਂ 600 ਚੋਰੀ ਦੀਆਂ ਗੱਡੀਆਂ

ਓਨਟਾਰੀਓ, 3 ਅਪਰੈਲ (ਪੋਸਟ ਬਿਊਰੋ) : ਪ੍ਰੋਵਿੰਸ਼ੀਅਲ ਪੁਲਿਸ ਵੱਲੋਂ ਕੈਨੇਡਾ ਬਾਰਡਰ ਸਰਵਿਸ ਏਜੰਸੀ ਅਧਿਕਾਰੀਆਂ ਨਾਲ ਰਲ ਕੇ ਜਾਰੀ ਕੀਤੇ ਗਏ ਬਿਆਨ ਅਨੁਸਾਰ ਮਾਂਟਰੀਅਲ ਤੋਂ ਉਨ੍ਹਾਂ ਨੂੰ 600 ਚੋਰੀ ਦੀਆਂ ਗੱਡੀਆਂ ਬਰਾਮਦ ਹੋਈਆਂ ਹਨ। ਓਨਟਾਰੀਓ ਤੇ ਕਿਊਬਿਕ ਪੁਲਿਸ ਵੱਲੋਂ ਪਿਛਲੇ ਚਾਰ ਮਹੀਨਿਆਂ ਤੋਂ ਕੀਤੀ ਜਾ ਰਹੀ ਜਾਂਚ ਤੋਂ ਬਾਅਦ ਇਹ ਸਫਲਤਾ ਹਾਸਲ ਹੋਈ ਹੈ।



ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ 75 ਫੀ ਸਦੀ ਚੋਰੀ ਦੀਆਂ ਗੱਡੀਆਂ ਮਾਂਟਰੀਅਲ ਵਿੱਚ ਸਮੁੰਦਰੀ ਬੇੜਿਆਂ ਵਿੱਚ ਲਿਜਾਏ ਜਾਣ ਵਾਲੇ ਕੰਟੇਨਰਜ਼ ਤੋਂ ਬਰਾਮਦ ਹੋਈਆਂ ਜਦਕਿ 483 ਗੱਡੀਆਂ ਓਨਟਾਰੀਓ ਤੋਂ ਮਿਲੀਆਂ। ਇਨ੍ਹਾਂ ਦੀ ਬਜ਼ਾਰ ਵਿੱਚ ਕੀਮਤ 35 ਮਿਲੀਅਨ ਡਾਲਰ ਬਣਦੀ ਹੈ। 12 ਦਸੰਬਰ 2023 ਤੋਂ 9 ਮਾਰਚ, 2024 ਤੱਕ ਪ੍ਰੋਜੈਕਟ ਵੈਕਟਰ ਚਲਾਇਆ ਗਿਆ, ਜਿਸ ਵਿੱਚ 400 ਕੰਟੇਨਰਜ਼ ਦੀ ਜਾਂਚ ਕੀਤੀ ਗਈ ਤੇ 598 ਆਲ੍ਹਾ ਦਰਜੇ ਦੀਆਂ ਗੱਡੀਆਂ ਬਰਾਮਦ ਕੀਤੀਆਂ ਗਈਆਂ। ਇਹ ਗੱਡੀਆਂ ਕਈ ਤਰ੍ਹਾਂ ਦੇ ਜੁਰਮਾਂ ਰਾਹੀਂ ਹਾਸਲ ਕੀਤੀਆਂ ਗਈਆਂ ਜਿਵੇਂ ਕਿ ਕਾਰਜੈਕਿੰਗ ਤੇ ਘਰਾਂ ਵਿੱਚ ਦਾਖਲ ਹੋ ਕੇ ਚੋਰੀ ਕਰਨਾ ਆਦਿ।

ਬੁੱਧਵਾਰ ਨੂੰ ਮਾਂਟਰੀਅਲ ਵਿੱਚ ਓਪੀਪੀ ਦੀ ਡਿਪਟੀ ਕਮਿਸ਼ਨਰ ਮਾਰਟੀ ਕੀਰਨਜ਼ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਓਨਟਾਰੀਓ ਪੁਲਿਸ ਦੀ ਜਾਂਚ ਵਿੱਚ ਇਹ ਸਾਹਮਣੇ ਆਇਆ ਕਿ ਬਹੁਤ ਹੱਦ ਤੱਕ ਚੋਰੀ ਦੀਆਂ ਗੱਡੀਆਂ ਨੂੰ ਪੋਰਟ ਆਫ ਮਾਂਟਰੀਅਲ ਰਾਹੀਂ ਗੈਰਕਾਨੂੰਨੀ ਤੌਰ ਉੱਤੇ ਵਿਦੇਸ਼ਾਂ ਨੂੰ ਭੇਜਿਆ ਜਾਂਦਾ ਹੈ। ਇਸ ਦੇ ਨਤੀਜੇ ਤੋਂ ਬਾਅਦ ਹੀ ਕਿਊਬਿਕ ਤੇ ਓਨਟਾਰੀਓ ਪੁਲਿਸ ਨੇ ਪ੍ਰੋਜੈਕਟ ਵਿਕਟਰ ਲਾਂਚ ਕੀਤਾ। ਅਜੇ ਤੱਕ ਇਸ ਸਬੰਧ ਵਿੱਚ ਕਿਸੇ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ।

## ਪਾਰਕ ਵਿੱਚੋਂ ਮਿਲੀ ਵਿਅਕਤੀ ਦੀ ਲਾਸ਼ ਕਤਲ ਮੰਨ ਕੇ ਜਾਂਚ ਕਰ ਰਹੀ ਹੈ ਪੁਲਿਸ

ਹੈਮਿਲਟਨ, 3 ਅਪਰੈਲ (ਪੋਸਟ ਬਿਊਰੋ) : ਮੰਗਲਵਾਰ ਸਵੇਰੇ ਇੱਕ ਪਾਰਕ ਵਿੱਚੋਂ ਪਾਣੀ ਦੇ ਕੰਢੇ ਨੇੜਿਓਂ ਮਿਲੀ ਇੱਕ ਵਿਅਕਤੀ ਦੀ ਲਾਸ਼ ਤੋਂ ਬਾਅਦ ਹੈਮਿਲਟਨ ਪੁਲਿਸ ਦੇ ਹੋਮੀਸਾਈਡ ਡਿਟੈਕਟਿਵਜ਼ ਮਾਮਲੇ ਦੀ ਜਾਂਚ ਕਰ ਰਹੇ ਹਨ।

ਪੁਲਿਸ ਨੇ ਦੱਸਿਆ ਕਿ ਇੱਕ ਮਹਿਲਾ ਸਵੇਰੇ 8:00 ਵਜੇ ਦੇ ਨੇੜੇ ਤੇੜੇ ਆਪਣੇ ਕੁੱਤੇ ਨਾਲ ਜੇਮਜ਼ ਸਟਰੀਟ ਨੌਰਥ ਤੇ ਬਰਲਿੰਗਟਨ ਸਟਰੀਟ ਈਸਟ ਨੇੜੇ ਪੀਅਰ 4 ਪਾਰਕ ਵਿੱਚ ਸੈਰ ਕਰ ਰਹੀ ਸੀ ਜਦੋਂ ਉਸ ਨੂੰ ਪਾਰਕ ਦੇ ਉੱਤਰੀ ਸਿਰੇ ਉੱਤੇ ਪਾਣੀ ਦੇ ਕੋਲ ਇੱਕ ਵਿਅਕਤੀ ਬੇਸੁੱਧ ਪਿਆ ਮਿਲਿਆ।ਇਹ ਵਿਅਕਤੀ ਲੀਏਂਡਰ ਬੋਟ ਕਲੱਬ ਤੋਂ ਕੁੱਝ ਕਦਮਾਂ ਦੀ ਦੂਰੀ ਉੱਤੇ ਹੀ ਪਿਆ ਸੀ। ਉਸ ਮਹਿਲਾ ਨੇ 911 ਉੱਤੇ ਕਾਲ ਕੀਤਾ ਤੇ ਜਲਦ ਹੀ ਐਮਰਜੰਸੀ ਅਮਲਾ ਉੱਥੇ ਪਹੁੰਚ ਗਿਆ। ਉਸ ਵਿਅਕਤੀ ਨੂੰ ਐਮਰਜੰਸੀ ਅਮਲੇ ਦੇ ਪਹੁੰਚਣ ਤੋਂ ਪਹਿਲਾਂ ਹੀ ਮਹਿਲਾ ਵੱਲੋਂ ਸੀਪੀਆਰ ਦਿੱਤੀ ਗਈ ਪਰ ਬਾਅਦ ਵਿੱਚ ਉਸ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।



ਬੁੱਧਵਾਰ ਨੂੰ ਜਾਰੀ ਕੀਤੀ ਗਈ ਅਪਡੇਟ ਵਿੱਚ ਡਿਟੈਕਟਿਵ ਸਾਰਜੈਂਟ ਸਾਰਾ ਬੈੱਕ ਨੇ ਵਿਅਕਤੀ ਦੀ ਪਛਾਣ ਹੈਮਿਲਟਨ ਦੇ 50 ਸਾਲਾ ਜੇਸਨ ਗੈਲੈਂਟ ਵਜੋਂ ਕੀਤੀ। ਉਨ੍ਹਾਂ ਆਖਿਆ ਕਿ ਪੁਲਿਸ ਉਸ ਨੂੰ ਜਾਣਦੀ ਸੀ ਤੇ ਅਸੀਂ ਇਹ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਾਂ ਕਿ ਉਹ ਉੱਥੇ ਕੀ ਕਰ ਰਿਹਾ ਸੀ। ਬੈੱਕ ਨੇ ਦੱਸਿਆ ਕਿ ਉਸ ਦੀ ਮੌਤ ਸ਼ੱਕੀ ਲੱਗਦੀ ਹੈ ਇਸ ਲਈ ਇਸ ਨੂੰ ਕਤਲ ਮੰਨ ਕੇ ਜਾਂਚ ਕੀਤੀ ਜਾ ਰਹੀ ਹੈ। ਪਰ ਉਨ੍ਹਾਂ ਵੱਲੋਂ ਮ੍ਰਿਤਕ ਨੂੰ ਲੱਗੀਆਂ ਕਿਸੇ ਕਿਸਮ ਦੀਆਂ ਸੱਟਾਂ ਆਦਿ ਦੀ ਗੱਲ ਨਹੀਂ ਕੀਤੀ ਗਈ। ਮੌਤ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ ਤੇ ਵੀਰਵਾਰ ਨੂੰ ਪੋਸਟ ਮਾਰਟਮ ਕੀਤਾ ਜਾਵੇਗਾ।

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ
- ਓਨਟਾਰੀਓ ਵਰਕਸ ਲਈ ਮੁਫ਼ਤ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

## ਅੱਜ ਨਾਮਾ

ਪੁੱਛਿਆ ਸੁਬਹਾਸੀ ਆਗੂ ਨੂੰ ਕਿਸੇ ਬੇਲੀ,
ਪਾਰਟੀ ਕਹਿੰਦੇ ਤੁਸੀਂ ਜਾਓਗੇ ਛੱਡ ਬੇਲੀ।
ਪੱਠਾ ਉੱਲੂ ਦਾ ਕੌਣ ਆਹ ਕਹਿਣ ਵਾਲਾ,
ਅੱਗੋਂ ਪਿਆ ਲੀਡਰ ਅੱਖੀਆਂ ਟੱਡ ਬੇਲੀ।
ਕਹਿੰਦਾ ਆਪਾਂ ਨਹੀਂ ਹਿੱਲਾਂਗੇ ਪੈਂਤੜੇ ਤੋਂ,
ਦਿੱਤੀ ਲੱਤ ਜਿਸ ਥਾਂ ਇਕੇਰਾਂ ਗੱਡ ਬੇਲੀ।
ਚੋਲੇ ਬਦਲਣ ਦਾ ਸਾਨੂੰ ਨਹੀਂ ਸ਼ੌਕ ਬੇਲੀ,
ਚੂਸਣਾ ਕਿਸੇ ਦਾ ਦਿੱਤਾ ਨਹੀਂ ਹੱਡ ਬੇਲੀ।
ਸ਼ਾਮ ਤੀਕ ਉਹ ਲਾ ਗਿਆ ਉਲਟਬਾਜ਼ੀ,
ਰੱਖੀ ਯਾਦ ਕੁਝਲੱਜਨਹੀਂ ਸ਼ਰਮ ਬੇਲੀ।
ਪੁੱਛਿਆ ਯਾਰਾਂ ਕਿ ਮਿੱਤਰ ਜੀ ਕੀ ਕੀਤਾ,
ਕਹਿੰਦਾ ਇਹੀ ਹਨ ਰਾਜਸੀ ਕਰਮ ਬੇਲੀ।

**ਤੀਸ ਮਾਰ ਖਾਂ**

## ਦੁਨੀਆਂ ਦੇ ਸਭ ਤੋਂ ਬਜ਼ੁਰਗ ਵਿਅਕਤੀ ਜੁਆਨ ਵਿਸੇਂਟ ਦਾ 114 ਸਾਲ ਦੀ ਉਮਰ 'ਚ ਦਿਹਾਂਤ

ਕਰਾਕਸ, 3 ਅਪ੍ਰੈਲ (ਪੋਸਟ ਬਿਊਰੋ): ਦੁਨੀਆਂ ਦੇ ਸਭ ਤੋਂ ਬਜ਼ੁਰਗ ਵਿਅਕਤੀ ਜੁਆਨ ਵਿਸੇਂਟ ਪੇਰੇਜ਼ ਮੋਰਾ ਦੀ 114 ਸਾਲ ਦੀ ਉਮਰ 'ਚ ਮੌਤ ਹੋ ਗਈ ਹੈ। ਜੁਆਨ ਵੈਨੇਜ਼ੁਏਲਾ ਦੇ ਰਹਿਣ ਵਾਲੇ ਸਨ। ਫਰਵਰੀ 2022 ਵਿੱਚ, ਗਿਨੀਜ਼ ਬੁੱਕ ਆਫ ਵਰਲਡ ਰਿਕਾਰਡਜ਼ ਨੇ ਉਨ੍ਹਾਂਨੂੰ ਸਭ ਤੋਂ ਬਜ਼ੁਰਗ ਵਿਅਕਤੀ ਘੋਸ਼ਿਤ ਕੀਤਾ। ਉਸ ਸਮੇਂ ਉਨ੍ਹਾਂ ਦੀ ਉਮਰ 112 ਸਾਲ 253 ਦਿਨ ਸੀ। ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਜੁਆਨ ਦੀ ਮੌਤ ਦੀ ਘੋਸ਼ਣਾ ਕੀਤੀ। ਜੁਆਨ ਦਾ



ਜਨਮ 27 ਮਈ 1909 ਨੂੰ ਹੋਇਆ ਸੀ। ਉਨ੍ਹਾਂ ਦੇ 11 ਪੁੱਤਰ, 41 ਪੋਤੇ-ਪੋਤੀਆਂ, 18 ਪੜਪੋਤੇ ਅਤੇ 12 ਗ੍ਰੇਟ ਗ੍ਰੈਂਡਚਿਲਡਰਨ ਹਨ।

# ਆਦਰਸ਼ ਚੋਣ ਜ਼ਾਬਤੇ ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਅਤੇ ਪੁਲਿਸ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ

**ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਦੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸਐਸਪੀਜ਼ ਨੂੰ ਲੋਕ ਸਭਾ ਚੋਣਾਂ ਦੌਰਾਨ ਸ਼ਰਾਬ, ਨਕਦੀ ਅਤੇ ਨਸ਼ਿਆਂ ਦੀ ਗੈਰ-ਕਾਨੂੰਨੀ ਤਸਕਰੀ ਖਿਲਾਫ਼ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼**

ਚੰਡੀਗੜ੍ਹ, 3 ਅਪ੍ਰੈਲ (ਪੋਸਟ ਬਿਊਰੋ): ਭਾਰਤੀ ਚੋਣ ਕਮਿਸ਼ਨ ਦੀ ਟੀਮ ਨੇ ਬੁੱਧਵਾਰ ਨੂੰ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ (ਐਸਐਸਪੀਜ਼) ਨੂੰ ਲੋਕ ਸਭਾ ਚੋਣਾਂ-2024 ਦੌਰਾਨ ਸੂਬੇ ਵਿੱਚ ਨਸ਼ੇ, ਨਕਦੀ ਅਤੇ ਸ਼ਰਾਬ ਦੀ ਤਸਕਰੀ ਨੂੰ ਰੋਕਣ ਲਈ ਨਿਗਰਾਨੀ ਵਧਾਉਣ ਦੇ ਨਿਰਦੇਸ਼ ਦਿੱਤੇ ਹਨ।

ਇੱਥੇ ਉੱਪ ਚੋਣ ਕਮਿਸ਼ਨਰ ਹਿਰਦੇਸ਼ ਕੁਮਾਰ ਦੀ ਅਗਵਾਈ ਵਿੱਚ ਹੋਈ ਮੀਟਿੰਗ ਦੌਰਾਨ ਚੋਣ ਕਮਿਸ਼ਨ ਦੀ ਟੀਮ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਲੋਕ ਸਭਾ ਚੋਣਾਂ-2024 ਵਿੱਚ ਵੋਟ ਪ੍ਰਤੀਸ਼ਤਤਾ ਵਧਾਉਣ ਲਈ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਸਾਰੇ ਲੋੜੀਂਦੇ ਪ੍ਰਬੰਧ ਕਰਨ।

ਚੋਣ ਕਮਿਸ਼ਨ ਦੀ ਟੀਮ ਨੇ ਜ਼ਲ੍ਹਿਾ ਅਧਿਕਾਰੀਆਂ ਨੂੰ ਵੋਟਿੰਗ ਦੌਰਾਨ ਸੁਰੱਖਿਆ ਡਿਊਟੀ 'ਤੇ ਬਾਹਰੋਂ ਆਉਣ ਵਾਲੇ ਕੇਂਦਰੀ ਬਲਾਂ ਦੇ ਜਵਾਨਾਂ ਦੇ ਰਹਿਣ ਲਈ ਵੀ ਪੁਖਤਾ ਪ੍ਰਬੰਧ ਯਕੀਨੀ ਬਣਾਉਣ ਲਈ ਕਿਹਾ।

ਇਸ ਦੌਰਾਨ ਸਾਰੇ ਜ਼ਿਲ੍ਹਿਆਂ ਦੇ ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਤੋਂ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਸਬੰਧੀ ਵਿਸਤ੍ਰਿਤ ਜਾਣਕਾਰੀ ਲਈ ਗਈ। ਇਸ ਤੋਂ ਇਲਾਵਾ ਵੱਖ-ਵੱਖ ਜ਼ਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਤੋਂ ਵੋਟਰਾਂ ਦੀ




ਗਿਣਤੀ ਵਧਾਉਣ, ਵੈਬਕਾਸਟਿੰਗ ਦੇ ਪ੍ਰਬੰਧਾਂ ਅਤੇ ਪੋਲਿੰਗ ਸਟੇਸ਼ਨਾਂ 'ਤੇ ਸਾਰੀਆਂ ਤਿਆਰੀਆਂ ਕਰਨ ਲਈ ਚੁੱਕੇ ਗਏ ਕਦਮਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ ਗਈ। ਇਸ ਦੇ ਨਾਲ ਹੀ ਚੋਣ ਕਮਿਸ਼ਨ ਦੀ ਟੀਮ ਨੇ ਸਾਰੇ ਡੀਸੀਜ਼, ਸੀਪੀਜ਼ ਅਤੇ ਐਸਐਸਪੀਜ਼ ਨਾਲ ਚੋਣ ਪ੍ਰਕਿਰਿਆ ਨਾਲ ਸਬੰਧਤ ਮਹੱਤਵਪੂਰਨ ਸੁਝਾਅ ਅਤੇ ਜਾਣਕਾਰੀ ਵੀ ਸਾਂਝੀ ਕੀਤੀ।

ਇਸ ਮੌਕੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਮਿਸ਼ਨ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਵਿੱਚ ਲੋਕ ਸਭਾ ਚੋਣਾਂ ਬਿਨਾਂ ਕਿਸੇ ਦਬਾਅ, ਨਿਰਪੱਖ ਅਤੇ ਆਜ਼ਾਦ ਤਰੀਕੇ ਨਾਲ ਕਰਵਾਈਆਂ ਜਾਣਗੀਆਂ।

ਮੁੱਖ ਚੋਣ ਅਧਿਕਾਰੀ ਨੇ ਚੋਣ ਕਮਿਸ਼ਨ ਦੀ ਟੀਮ ਨੂੰ ਇਹ ਵੀ ਯਕੀਨ ਦਿਵਾਇਆ ਕਿ ਸਾਰੇ ਅਧਿਕਾਰੀਆਂ ਨੂੰ ਆਦਰਸ਼ ਚੋਣ ਜ਼ਾ-ਬਤੇ ਨੂੰ ਸਖ਼ਤੀ ਨਾਲ ਲਾਗੂ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਅਤੇ ਪੰਜਾਬ ਵਿੱਚ ਨਸ਼ਿਆਂ ਦੇ ਨਾਲ-ਨਾਲ ਸ਼ਰਾਬ ਦੀ ਗੈਰ-ਕਾਨੂੰਨੀ ਤਸਕਰੀ ਨੂੰ ਰੋਕਣ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ।

ਸਿਬਿਨ ਸੀ ਨੇ ਕਿਹਾ ਕਿ ਇਸ ਵਾਰ ਵੱਧ ਤੋਂ ਵੱਧ ਵੋਟਰਾਂ ਨੂੰ ਵੋਟਿੰਗ ਲਈ ਆਕਰਸ਼ਿਤ ਕਰਨ ਵਾਸਤੇ ਸੂਬੇ ਦੇ ਸੱਭਿਆਚਾਰ ਨੂੰ ਦਰਸਾਉਂਦੇ ਥੀਮ ਆਧਾਰਿਤ ਮਾਡਲ ਪੋਲਿੰਗ ਸਟੇਸ਼ਨਾਂ ਦੀ ਗਿਣਤੀ ਵਧਾਉਣ ਅਤੇ ਵੋਟਿੰਗ ਦੇ ਸਮੁੱਚੇ ਤਜ਼ਰਬੇ ਨੂੰ ਤਸੱਲੀਬਖਸ਼ ਅਤੇ ਅਨੰਦਦਾਇਕ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਚੋਣ ਕਮਿਸ਼ਨ ਦੀ ਟੀਮ ਨੇ ਸੂਬੇ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਵੀ ਕੀਤੀ।

ਮੁੱਖ ਚੋਣ ਅਧਿਕਾਰੀ ਨੇ ਅੱਗੇ ਕਿਹਾ ਕਿ ਹਰੇਕ ਪੋਲਿੰਗ ਸਟੇਸ਼ਨ 'ਤੇ ਪੀਣ ਵਾਲੇ ਪਾਣੀ, ਲੋੜੀਂਦੇ ਫਰਨੀਚਰ, ਉਚਿਤ ਰੋਸ਼ਨੀ, ਦਿਸ਼ਾ ਸੂਚਕ, ਹੈਲਪ ਡੈਸਕ ਅਤੇ ਪਖਾਨਿਆਂ ਸਮੇਤ ਹੋਰ ਸਹੂਲਤਾਂ ਨੂੰ ਵਧਾਉਣ ਲਈ ਪਹਿਲਾਂ ਹੀ ਜ਼ਲ੍ਹਿਾ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਜਾ ਚੁੱਕੇ ਹਨ।

ਇਸ ਦੌਰਾਨ ਚੋਣ ਕਮਿਸ਼ਨ ਦੀ ਟੀਮ ਅਤੇ ਮੁੱਖ ਚੋਣ ਅਧਿਕਾਰੀ ਵੱਲੋਂ ਡੀਸੀ ਮਾਲੇਰਕੋਟਲਾ ਦੀ ਇੱਕ ਵਿਲੱਖਣ ਪਹਿਲਕਦਮੀ ਤਹਿਤ ਚੋਣਾਂ ਨਾਲ ਸਬੰਧਤ ਜਾਣਕਾਰੀ ਪ੍ਰਦਾਨ ਕਰਨ ਵਾਸਤੇ 'ਬੂਥ ਰਾਬਤਾ' ਨਾਮਕ ਇੱਕ ਵਿਸ਼ੇਸ਼ ਐਪਲੀਕੇਸ਼ਨ ਤਿਆਰ ਕਰਨ ਲਈ ਸ਼ਲਾਘਾ ਕੀਤੀ ਗਈ, ਜਿਸ ਵਿੱਚ ਨਜ਼ਦੀਕੀ ਪੁਲਿਸ ਸਟੇਸ਼ਨ, ਹਸਪਤਾਲ, ਐਂਬੂਲੈਂਸ ਸੇਵਾ, ਸਕੂਲ ਦੇ ਪ੍ਰਿੰਸੀਪਲਾਂ/ਬਿਲਡਿੰਗ ਇੰਚਾਰਜ ਨਾਲ ਸੰਪਰਕ, ਅਪਾਹਜ ਵਿਅਕਤੀਆਂ ਨੂੰ ਵੋਟਿੰਗ ਲਈ ਸਹਾਇਤਾ ਪ੍ਰਦਾਨ ਕਰਨਾ ਅਤੇ ਆਪਣੇ ਬੀ.ਐਲ.ਓ. ਨੂੰ ਜਾਣਨਾ ਸ਼ਾਮਲ ਹੈ।

ਚੋਣ ਕਮਿਸ਼ਨ ਦੀ ਟੀਮ ਨੇ 70% ਤੋਂ ਵੱਧ ਵੋਟਾਂ ਦੇ ਟੀਚੇ ਨੂੰ ਪੂਰਾ ਕਰਨ ਲਈ ਵੋਟਰਾਂ ਦੀ ਗਿਣਤੀ ਵਧਾਉਣ ਵਾਸਤੇ ਟਰਨਆਊਟ ਇੰਪਲੀਮੈਨਟੇਸ਼ਨ ਪਲਾਨ ਸਮੇਤ ਤਿੰਨ ਕਿਤਾਬਾਂ, ਸੂਬਾ ਅਤੇ ਜ਼ਲ੍ਹਿਾ ਪ੍ਰੋਫਾਈਲ ਦੇ ਨਾਲ ਵੋਟਿੰਗ ਦੀ ਤਿਆਰੀ ਬਾਰੇ ਹੈਂਡਬੁੱਕ ਅਤੇ ਚੋਣਾਂ ਵਿੱਚ ਕਾਨੂੰਨੀ ਵਿਵਸਥਾਵਾਂ ਬਾਰੇ ਬੁੱਕਲੈਟ ਵੀ ਰਿਲੀਜ਼ ਕੀਤੀ।

## 50 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਾ ਐੱਸ.ਐੱਮ.ਓ. ਵਿਜੀਲੈਂਸ ਬਿਊਰੋ ਵਲੋਂ ਕਾਬੂ



ਚੰਡੀਗੜ੍ਹ, 3 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਬੁੱਧਵਾਰ ਨੂੰ ਸਰਕਾਰੀ ਸਿਵਲ ਹਸਪਤਾਲ ਤਰਨਤਾਰਨ ਵਿਖੇ ਸੀਨੀਅਰ ਮੈਡੀਕਲ ਅਫਸਰ (ਐਸ.ਐਮ.ਓ.) ਵਜੋਂ ਤਾਇਨਾਤ ਡਾਕਟਰ ਕੰਵਲਜੀਤ ਸਿੰਘ ਨੂੰ 50,000 ਰੁਪਏ ਦੀ ਰਿਸ਼ਵਤ ਦੀ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਪੀ.ਸੀ.ਐਮ.ਐ ਡਾਕਟਰ ਨੂੰ ਧਰਮਬੀਰ ਸਿੰਘ ਵਾਸੀ ਗਲੀ ਮਾਤਾ ਲਾਚੋ ਵਾਲੀ, ਨੇੜੇ ਭਗਤ ਨਾਮ ਦੇਵ ਜੀ ਗੁਰਦੁਆਰਾ, ਤਰਨ-ਤਾਰਨ ਸ਼ਹਿਰ ਵੱਲੋਂ ਦਰਜ ਕਰਵਾਈ ਗਈ ਸ਼ਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਸ਼ਕਿ-ਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਹ ਹਸਪਤਾਲ ਦੇ ਅੰਦਰ ਠੇਕੇ 'ਤੇ ਕੰਟੀਨ ਚਲਾ ਰਿਹਾ ਹੈ ਪਰ ਉਕਤ ਐਸ.ਐਮ.ਓ. ਕੰਟੀਨ ਦੀ ਸਫ਼ਾਈ ਅਤੇ ਖਾਣੇ ਦੀ ਗੁਣਵੱਤਾ ਆਦਿ ਦੇ ਬਹਾਨੇ ਬਣਾਕੇ ਉਸ ਨੂੰ ਤੰਗ-ਪ੍ਰੇਸ਼ਾਨ ਕਰ ਰਿਹਾ ਹੈ। ਸ਼ਕਾਇਤਕਰਤਾ ਨੇ ਇਹ ਵੀ ਇਲਜ਼ਾਮ ਲਾਇਆ ਕਿ ਐੱਸ.ਐਮ.ਓ. ਨੇ ਰਿਸ਼ਵਤ ਦੀ ਰਕਮ ਨਾ ਦੇਣ ਦੀ ਸੂਰਤ ਵਿੱਚ ਕੰਟੀਨ ਦਾ ਠੇਕਾ ਖਤਮ ਕਰਨ ਦੀ ਧਮਕੀ ਵੀ ਦਿੱਤੀ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਵੱਲੋਂ ਜਾਲ ਵਿਛਾਇਆ ਗਿਆ ਜਿਸ ਵਿੱਚ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਕਿ-ਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਓਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਐਸ.ਐਮ.ਓ. ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਵੋਟਰਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨ ਲਈ ਪੋਸਟਰ ਮੇਕਿੰਗ, ਰੰਗੋਲੀ ਅਤੇ 'ਮਹਿੰਦੀ' ਮੁਕਾਬਲੇ ਕਰਵਾਏ ਗਏ

ਲੁਧਿਆਣਾ, 3 ਅਪ੍ਰੈਲ (ਗਿਆਨ ਸਿੰਘ) ਨੌਜਵਾਨਾਂ ਖਾਸ ਕਰਕੇ ਪਹਿਲੀ ਵਾਰ ਵੋਟਰਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਭਰ ਦੀਆਂ ਵਿੱਦਿਅਕ ਸੰਸਥਾਵਾਂ ਵਿੱਚ ਪੋਸਟਰ ਮੇਕਿੰਗ, ਰੰਗੋਲੀ ਅਤੇ 'ਮਹਿੰਦੀ' ਮੁਕਾ-ਬਲੇ ਕਰਵਾਏ ਜਾ ਰਹੇ ਹਨ।

ਇਸ ਦਾ ਉਦੇਸ਼ ਲੋਕ ਸਭਾ ਚੋਣਾਂ - 2024 ਦੀਆਂ ਚੋਣਾਂ ਦੌਰਾਨ ਵੱਧ ਤੋਂ ਵੱਧ ਭਾਈਵਾਲੀ ਨੂੰ ਯਕੀਨੀ ਬਣਾਉਣਾ ਅਤੇ ਲੋਕ ਸਭਾ ਚੋਣਾਂ ਦੌਰਾਨ 70 ਫੀਸਦੀ (ਇਸ ਵਾਰ, 70 ਪਾਰ) ਤੋਂ ਵੱਧ ਵੋਟਰਾਂ ਦੇ ਮਤਦਾਨ ਦੇ ਟੀਚੇ ਨੂੰ ਪ੍ਰਾਪਤ ਕਰਨਾ ਹੈ।

ਅੱਜ ਭਗਵਾਨ ਮਹਾਂਵੀਰ ਹੋਮਿਓਪੈਥਿਕ ਕਾਲਜ (ਹੈਬੋਵਾਲ ਰੋਡ), ਜਗਰਾਉਂ ਦੇ ਕਮਾਲਪੁਰਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੈਣੀ ਦਰੇੜਾ (ਰਾਏਕੋਟ) ਆਦਿ ਸਮੇਤ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵਿੱਚ ਪੋਸਟਰ ਮੇਕਿੰਗ, ਰੰਗੋਲੀ ਅਤੇ ਮਹਿੰਦੀ ਮੁਕਾਬਲੇ ਕਰਵਾਏ ਗਏ।

ਇਨ੍ਹਾਂ ਜਾਗਰੂਕਤਾ ਗਤੀਵਿਧੀਆਂ ਦੌਰਾਨ ਵਿਦਿਆਰਥੀਆਂ ਨੂੰ ਲੋਕ ਸਭਾ



ਚੋਣਾਂ-2024 ਦੌਰਾਨ ਸਰਗਰਮ ਭਾਈਵਾਲੀ ਯਕੀਨੀ ਬਣਾਉਣ ਲਈ ਸਹੁੰ ਵੀ ਚੁਕਾਈ ਗਈ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਯੋਗ ਨੌਜਵਾਨਾਂ ਦੀਆਂ ਨਵੀਆਂ ਵੋਟਾਂ ਬਣਾਉਣ ਲਈ ਵਿ-ਦਅਕ ਸੰਸਥਾਵਾਂ ਵਿੱਚ ਵੋਟਰ ਰਜਿਸਟ੍ਰੇਸ਼ਨ ਕੈਂਪ ਵੀ ਲਗਾਏ ਜਾ ਰਹੇ ਹਨ। ਸਿਸਟਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸੀਪੇਸ਼ਨ (ਸਵੀਪ) ਪ੍ਰੋਗਰਾਮ ਤਹਿਤ ਵੋਟਰਾਂ ਨੂੰ ਉਤਸ਼ਾਹਿਤ ਕਰਨ ਲਈ ਇਹ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।

ਪਹਿਲੀ ਵਾਰ ਵੋਟ ਪਾਉਣ ਵਾਲੇ ਯੋਗ ਵੋਟਰਾਂ ਨੂੰ 'ਵੋਟਰ ਹੈਲਪਲਾਈਨ' ਮੋਬਾਈਲ ਐਪਲੀਕੇਸ਼ਨ ਅਤੇ ਨੈਸ਼ਨਲ ਵੋਟਰ ਸਰਵਿਸਿਜ਼ ਪੋਰਟਲ (ਐਨ.ਵੀ.ਐਸ.ਪੀ.) ਬਾਰੇ ਸੂਚਿਤ ਕੀਤਾ ਜਾ ਰਿਹਾ ਹੈ, ਜਿਸ ਦੀ ਵਰਤੋਂ ਆਪਣੇ ਆਪ ਨੂੰ ਵੋਟਰ ਵਜੋਂ ਰਜਿਸ਼ਟਰ ਕਰਨ ਲਈ ਕੀਤੀ ਜਾ ਸਕਦੀ ਹੈ।

ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਵਸਨੀਕ ਵੈਬਸਾਈਟ 'ਤੇ ਵੀ ਜਾ ਸਕਦੇ ਹਨ।

ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਸੁਤੰਤਰ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਅਤੇ ਪੁਲਿਸ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਅਤੇ ਪ੍ਰਭਾਵ ਹੇਠ ਆ ਕੇ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ।

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

**SherGill Law Firm**
Barrister, Solicitor & Notary Public
Paramjit Singh Gill
(MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
* How your spouse can join you within 4-6 months
* How your parents can join you
* How students & skilled people can come to Canada
* How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com




# ਇੰਡਸਟਰੀ ਵਿਜ਼ਟ ਐੱਸ.ਪੀ. ਐਸੋਸੀਏਟਸ ਵਿਚ ਵੋਟਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ

## ਸਟਾਫ਼ ਨੂੰ ਕੀਤਾ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ




ਮੋਗਾ, 3 ਅਪ੍ਰੈਲ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਮੋਗਾ ਕੁਲਵੰਤ ਸਿੰਘ ਅਤੇ ਸਹਾਇਕ ਕਮਿਸ਼ਨਰ ਜਨਰਲ ਸ੍ਰੀਮਤੀ ਸ਼ੁਭੀ ਆਂਗਰਾ ਦੀ ਯੋਗ ਅਗਵਾਈ ਹੇਠ ਚਲਾਏ ਜਾ ਰਹੇ ਸਵੀਪ ਪ੍ਰੋਗਰਾਮ ਤਹਿਤ ਮੋਗਾ ਜਿਲ੍ਹੇ ਦੀ ਸਵੀਪ ਟੀਮ ਵੱਲੋਂ ਵੋਟਾਂ ਵਿੱਚ ਲੋਕਾਂ ਦੀ ਭਾਗੀਦਾਰੀ ਵਧਾਉਣ ਲਈ ਇੰਡਸਟਰੀ ਵਿਜਟ ਐਸ ਪੀ ਐਸੋਸੀਏਟਸ ਸਟੀਲ ਮਨੁਫ਼ੈਕਟ੍ਰਿੰਗ ਵਿੱਚ ਵੋਟਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ .

ਇਸ ਪ੍ਰੋਗਰਾਮ ਵਿੱਚ ਜਿਲ੍ਹਾ ਸਵੀਪ ਟੀਮ ਤੋਂ ਪ੍ਰੋ: ਗੁਰਪ੍ਰੀਤ ਸਿੰਘ ਘਾਲੀ ਨੇ ਸਮੂਹ ਸਟਾਫ਼ ਨੂੰ ਵੋਟ ਪਾਉਣ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ । ਉਨ੍ਹਾਂ ਸਮੂਹ ਸਟਾਫ਼ ਨੂੰ ਦੱਸਿਆ ਕਿ ਉਹ ਆਉਣ ਵਾਲੀਆਂ ਚੋਣਾਂ ਸਬੰਧੀ ਆਪਣੀ ਅਤੇ ਆਪਣੇ ਪਰਿਵਾਰ ਦੀ ਵੋਟ ਬਣਾਉਣ ਲਈ ਜਾਗਰੂਕ ਕਰਨ ਤਾਂ ਜੋ ਇਸ ਵਾਰ 70 ਪਾਰ ਦੇ ਨਾਅਰੇ ਨੂੰ ਸਾਕਾਰ ਕੀਤਾ ਜਾ ਸਕੇ।

ਸਹਾਇਕ ਸਵੀਪ ਨੋਡਲ ਅਫਸਰ ਮੋਗਾ ਗੁਰਪ੍ਰੀਤ ਸਿੰਘ ਘਾਲੀ ਨੇ ਦੱਸਿਆ ਕਿ ਸਾਰੇ ਵੋਟਰ ਆਪਣੀ ਵੋਟ ਜਰੂਰ ਪਾਉਣ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੀ ਵੋਟ ਦੀ ਵਰਤੋਂ ਬਿਨਾਂ ਕਿਸੇ ਡਰ ਅਤੇ ਲਾਲਚ ਦੇ ਇਮਾਨਦਾਰੀ ਨਾਲ ਕਰਨੀ ਚਾਹੀਦੀ ਹੈ। ਜੇਕਰ ਕਿਸੇ ਦੇ ਵੀ ਘਰ ਜਾਂ ਆਸ-ਪਾਸ ਕੋਈ ਵਿਅਕਤੀ 85 ਸਾਲ ਤੋਂ ਵੱਧ ਉਮਰ ਦਾ ਹੈ ਅਤੇ ਵੋਟ ਪਾਉਣ ਲਈ ਬੂਥ 'ਤੇ ਨਹੀਂ ਜਾ ਸਕਦਾ ਤਾਂ ਉਹ ਘਰ ਬੈਠੇ ਹੀ ਵੋਟ ਪਾ ਸਕਦਾ ਹੈ, ਇਸ ਲਈ ਉਸ ਨੂੰ ਰਜਿਸਟਰੇਸ਼ਨ ਕਰਵਾਉਣੀ ਪਵੇਗੀ, ਜਿਸ ਵਿੱਚ ਬੀ.ਐੱਲ.ਓ. ਉਸ ਦੀ ਮਦਦ ਕਰ ਸਕਦਾ ਹੈ।ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਜੇਕਰ ਤਉਹਨਾਂ ਦੇ ਸਕੂਲ ਜਾਂ ਆਂਢ-ਗੁਆਂਢ ਵਿੱਚ ਕਿਸੇ ਨੇ ਵੀ ਆਪਣੀ ਵੋਟ ਨਹੀਂ ਪਾਈ ਹੈ, ਫਿਰ ਵੀ ਉਹ ਆਪਣੀ ਵੋਟ ਪਾ ਸਕਦਾ ਹੈ।

ਇਸ ਦੇ ਲਈ, ਉਹ ਵੋਟਿੰਗ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਮਦਦ ਲਈ ਆਪਣੇ ਬੀ ਐਲ ਓ ਨਾਲ ਸੰਪਰਕ ਕਰ ਸਕਦੇ ਹਨ ਜਾਂ ਆਪਣੇ ਫੋਨ ਵਿੱਚ ਵੋਟਰ ਹੈਲਪਲਾਈਨ ਐਪ ਨੂੰ ਇੰਸਟਾਲ ਕਰ ਸਕਦੇ ਹਨ। ਇਸ ਐਪ ਰਾਹੀਂ ਆਪਣੀ ਵੋਟ ਬਣਾਉਣ ਦੇ ਨਾਲ, ਵੋਟਰ ਕਾਰਡ ਨੂੰ ਆਧਾਰ ਨਾਲ ਲਿੰਕ ਕੀਤਾ ਜਾ ਸਕਦਾ ਹੈ ਅਤੇ ਆਪਣੀ ਵੋਟ ਦੀ ਕਟੌਤੀ ਵੀ ਕਰਵਾਈ ਜਾ ਸਕਦੀ ਹੈ। ਦਿਵਿਆਂਗ ਵੋਟਰ ਆਪਣੇ ਫੋਨ 'ਤੇ ਸਕਸ਼ਮ ਐਪ ਨੂੰ ਸਥਾਪਿਤ ਕਰ ਸਕਦੇ ਹਨ ਅਤੇ ਬੂਥ 'ਤੇ ਉਪਲਬਧ ਵੋਟਾਂ ਅਤੇ ਸਹਾਇਤਾ ਬਾਰੇ ਜਾਣ ਸਕਦੇ ਹਨ ਅਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਅਰਜ਼ੀ ਵੀ ਦੇ ਸਕਦੇ ਹਨ। ਜੇਕਰ ਚੋਣਾਂ ਦੌਰਾਨ ਕੁਝ ਗਲਤ ਹੁੰਦਾ ਹੈ ਅਤੇ ਚੋਣ ਜ਼ਾਬਤੇ ਦੀ ਉਲੰਘਣਾ ਹੁੰਦੀ ਹੈ, ਤਾਂ ਸੀ-ਵਿਜੀਲ ਐਪ 'ਤੇ ਇਸ ਦੀ ਸਿਕਾਇਤ ਕੀਤੀ ਜਾ ਸਕਦੀ ਹੈ। ਇਹ ਸਾਰੀਆਂ ਐਪਸ ਗੂਗਲ ਪਲੇ ਸਟੋਰ ਜਾਂ ਐਪਲ ਸਟੋਰ ਤੋਂ ਮਿਲਣਗੀਆਂ। ਜੇਕਰ ਚੋਣਾਂ ਜਾਂ ਵੋਟਿੰਗ ਨਾਲ ਸਬੰਧਤ ਕਿਸੇ ਵੀ ਸ਼ੰਕੇ ਨੂੰ ਦੂਰ ਕਰਨਾ ਹੋਵੇ, ਤਾਂ ਤੁਸੀਂ ਹੈਲਪਲਾਈਨ ਨੰਬਰ 1950 'ਤੇ ਵੀ ਕਾਲ ਕਰ ਸਕਦੇ ਹੋ।




ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post

# CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664




# ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਬੀ.ਸੀ. ਵਿੰਗ ਦੇ ਅਹੁਦੇਦਾਰਾਂ ਦਾ ਐਲਾਨ

ਚੰਡੀਗੜ੍ਹ, 3 ਅਪ੍ਰੈਲ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਪਛੜੀਆਂ ਸ਼੍ਰੈਣੀਆਂ ਵਿੰਗ ਬੀ.ਸੀ ਵਿੰਗ ਦੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਵਿੰਗ ਦੇ ਅਹੁਦੇਦਾਰਾਂ ਦਾ ਐਲਾਨ ਕਰ ਦਿੱਤਾ।

ਅੱਜ ਪਾਰਟੀ ਦੇ ਮੁੱਖ ਦਫਤਰ ਤੋਂ ਇਸ ਬਾਰੇ ਜਾਣਕਾਰੀ ਦਿੰਦਿਆਂ ਜਥੇਦਾਰ ਹੀਰਾ ਸਿੰਘ ਗਾਬੜੀਆ ਨੇ ਦੱਸਿਆ ਕਿ ਇਸ ਵਿੰਗ ਵਿੱਚ ਬੀ.ਸੀ ਵਿੰਗ ਨਾਲ ਸਬੰਧਤ ਹਰ ਵਰਗ ਨੂੰ ਨੁਮਾਇੰਦਗੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਿਹਨਾਂ ਆਗੂਆਂ ਨੂੰ ਬੀ.ਸੀ ਵਿੰਗ ਦਾ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਹਰੀ ਸਿੰਘ ਪ੍ਰੀਤ ਟਰੈਕਟਰਜ ਨਾਭਾ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ ਮੈਂਬਰ ਐਸ.ਜੀ.ਪੀ.ਸੀ, ਭਾਈ ਰਾਮ ਸਿੰਘ ਮੈਂਬਰ ਐਸ.ਜੀ.ਪੀ.ਸੀ, ਅਮਰਜੀਤ ਸਿੰਘ ਬਿੱਟੂ ਜਲੰਧਰ, ਜਰਨੈਲ ਸਿੰਘ ਡੋਗਰਾਂਵਾਲਾ ਮੈਂਬਰ ਐਸ.ਜੀ.ਪੀ.ਸੀ, ਗੁਰਦੀਪ ਸਿੰਘ ਲੰਬੀ, ਮੁਖਤਿਆਰ ਸਿੰਘ ਚੀਮਾ ਲੁਧਿਆਣਾ, ਗੁਰਦੀਪ ਸਿੰਘ ਸੇਖਪੁਰਾ, ਮਨਜੀਤ ਸਿੰਘ ਮੋਕਲ ਸ਼੍ਰੀ ਹਰਗੋਬਿੰਦਪੁਰ, ਭਾਈ ਯੋਗਰਾਜ ਸਿੰਘ ਦੀਨਾਨਗਰ, ਬਲਿਹਾਰ ਸਿੰਘ ਫਿਰੋਜ਼ਪੁਰ ਸ਼ਹਿਰੀ, ਕੁਲਵਿੰਦਰ ਸਿੰਘ ਬੱਬੂ ਸੈਣੀ ਹੁਸ਼ਿਆਰਪੁਰ, ਹਰਜੀਤ ਸਿੰਘ ਸਾਬਕਾ ਪ੍ਰਧਾਨ ਨਗਰ ਪੰਚਾਇਤ ਰਾਮਪੁਰਾ ਫੂਲ ਅਤੇ ਹਰਪ੍ਰੀਤ ਸਿੰਘ ਸ਼ੇਰਖਾਂ ਫਿਰੋਜਪੁਰ ਦਿਹਾਤੀ ਦੇ ਨਾਮ ਸ਼ਾਮਲ ਹਨ।

ਜਥੇਦਾਰ ਗਾਬੜੀਆ ਨੇ ਦੱਸਿਆ ਕਿ ਜਿਹਨਾਂ ਆਗੂਆਂ ਨੂੰ ਬੀ.ਸੀ. ਵਿੰਗ ਦਾ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਸੁਖਵਿੰਦਰ ਸਿੰਘ ਦਾਨੀਪੁਰ, ਹਰਦਿਆਲ ਸਿੰਘ ਭੱਟੀ ਪਟਿਆਲਾ, ਪਰਵਿੰਦਰ ਸਿੰਘ ਸਮਰਾਲਾ, ਸੁੱਚਾ ਸਿੰਘ ਧਰਮੀਫੌਜੀ, ਸੰਤੋਖ ਸਿੰਘ ਸੈਣੀ ਬਲਾਚੌਰ, ਗੁਰਨਾਮ ਸਿੰਘ ਠੇਕੇਦਾਰ ਅਨੰਦਪੁਰ ਸਾਹਿਬ, ਸਵਰਨਜੀਤ ਸਿੰਘ ਬੌਬੀ ਰੋਪੜ੍ਹ, ਜਸਵਿੰਦਰ ਸਿੰਘ ਜੈਲਦਾਰ ਰਾਜਪੁਰਾ,




ਨਰਿੰਦਰ ਸਿੰਘ ਬਿੱਟੂ ਅੰਮ੍ਰਿਤਸਰ ਸ਼ਹਿਰ, ਅਮਰੀਕ ਸਿੰਘ ਮੱਲੀ ਅੰਮ੍ਰਿਤਸਰ ਈਸਟ, ਬਖਮਿੰਦਰ ਸਿੰਘ ਮਾੜੀ ਟਾਂਡਾ ਸ੍ਰੀ ਹਰਗੋਬਿੰਦਪੁਰ, ਅਮਰਜੀਤ ਸਿੰਘ ਅੰਮ੍ਰਿਤਸਰ ਦੱਖਣੀ, ਕੁਲਵੀਰ ਸਿੰਘ ਸੋਨੂੰ ਚਮਕੌਰ ਸਾਹਿਬ, ਰਜਿੰਦਰ ਸਿੰਘ ਚਮਕੌਰ ਸਾਹਿਬ, ਕਰਨੈਲ ਸਿੰਘ ਸੈਣੀ ਹੁਸ਼ਿਆਰਪੁਰ, ਰਣਧੀਰ ਸਿੰਘ ਮਠਾੜੂ ਨਾਭਾ, ਦਵਿਦਰ ਸਿੰਘ ਫਿਰੋਜਪੁਰ ਸ਼ਹਿਰੀ, ਗੁਰਬਚਨ ਸਿੰਘ ਰਾਮਪੁਰਾ ਫੂਲ, ਬਲਦੇਵ ਸਿੰਘ ਚੰਦੜ ਫਿਰੋਜ਼ਪੁਰ ਦਿਹਾਤੀ ਅਤੇ ਵਿਸ਼ਾਲ ਪਠਾਨਕੋਟ ਦੇ ਨਾਮ ਸ਼ਾਮਲ ਹਨ।

ਜਥੇਦਾਰ ਗਾਬੜੀਆ ਨੇ ਦੱਸਿਆ ਕਿ ਜਿਨ੍ਹਾਂ ਆਗੂਆਂ ਨੂੰ ਬੀ.ਸੀ ਵਿੰਗ ਦਾ ਜਨਰਲ ਸਕੱਤਰ ਬਣਾਇਆ ਗਿਆ ਹੈ ਉਹਨਾਂ ਵਿਚ ਭੁਪਿੰਦਰ ਸਿੰਘ ਜਾਡਲਾ ਨਵਾਂਸ਼ਹਿਰ, ਨਰਿੰਦਰ ਸਿੰਘ ਸੇਖਵਾਂ ਗੁਰਦਾਸਪੁਰ, ਨਰਿੰਦਰਪਾਲ ਸਿੰਘ ਸਾਬਕਾ ਕੌਂਸਲਰ ਮੋਗਾ, ਹਰਪਾਲ ਸਿੰਘ ਸਰਾਓ ਰਾਜਪੁਰਾ, ਰਜਿੰਦਰ ਸਿੰਘ ਜੀਤ ਖੰਨਾ, ਮਨਮੋਹਨ ਸਿੰਘ ਬੰਟੀ ਅੰਮ੍ਰਿਤਸਰ ਈਸਟ, ਅਮਰੀਕ ਸਿੰਘ ਚੂਹੇਵਾਲ ਸ਼੍ਰੀ ਹਰਗੋਬਿੰਦਪੁਰ, ਸੁਰਜੀਤ ਸਿੰਘ ਕੰਡਾ ਅੰਮ੍ਰਿਤਸਰ ਦੱਖਣੀ, ਗੁਰਬਚਨ ਸਿੰਘ ਚਮਕੌਰ ਸਾਹਿਬ, ਡਾ. ਪਰਮਜੀਤ ਸਿੰਘ ਹੁਸ਼ਿਆਰਪੁਰ, ਗੁਰਬਚਨ ਸਿੰਘ ਸਾਹੋਵਾਲ ਦੀਨਾਨਗਰ, ਸ਼੍ਰੀ ਜਗਸੀਰ ਦਾਸ ਜੱਗਾ ਰਾਮਪੁਰਾ ਫੂਲ, ਅਮਰਜੀਤ ਸਿੰਘ ਫਿਰੋਜਪੁਰ ਸ਼ਹਿਰੀ, ਭਗਵਾਨ ਸਿੰਘ ਸ਼ਾਮਾ ਫਿਰੋਜਪੁਰ ਦਿਹਾਤੀ ਦੇ ਨਾਮ ਸ਼ਾਮਲ ਹਨ।

ਜਥੇਦਾਰ ਗਾਬੜੀਆ ਨੇ ਦੱਸਿਆ ਕਿ ਜਿਨ੍ਹਾਂ ਆਗੂਆਂ ਨੂੰ ਬੀ.ਸੀ. ਵਿੰਗ ਦਾ ਜਿਲਾਵਾਰ ਜ਼ਿਲਾ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਹਰਬੰਸ ਸਿੰਘ ਹੰਸਪਾਲ ਪ੍ਰਧਾਨ ਪੁਲਿਸ ਜ਼ਿਲਾ ਬਟਾਲਾ (ਸ਼ਹਿਰੀ), ਜਤਿੰਦਰ ਸਿੰਘ ਲੰਧਾ ਪ੍ਰਧਾਨ ਪੁਲਿਸ ਜਿਲਾ ਬਟਾਲਾ (ਦਿਹਾਤੀ), ਦਰਸ਼ਨ ਸਿੰਘ ਪ੍ਰਧਾਨ ਜਿਲਾ ਕਪੂਰਥਲਾ, ਸਤਨਾਮ ਸਿੰਘ ਬੰਟੀ ਧੀਮਾਨ ਪ੍ਰਧਾਨ ਹੁਸ਼ਿਆਰਪੁਰ (ਸ਼ਹਿਰੀ), ਸੁਰਜੀਤ ਸਿੰਘ ਕੈਰੇ ਪ੍ਰਧਾਨ ਹੁਸ਼ਿਆਰਪੁਰ (ਦਿਹਾਤੀ), ਹੇਮ ਰਾਜ ਝਾਂਡੀਆਂ ਪ੍ਰਧਾਨ ਰੋਪੜ੍ਹ, ਹਰਮੀਤ ਸਿੰਘ ਪ੍ਰਧਾਨ ਪਟਿਆਲਾ (ਸ਼ਹਿਰੀ), ਜਤਿੰਦਰ ਸਿੰਘ ਰੋਮੀ ਪ੍ਰਧਾਨ ਪਟਿਆਲਾ (ਦਿਹਾਤੀ-1) ਪੂਰਬੀ, ਜਸਵਿੰਦਰ ਸਿੰਘ ਜੱਸੀ ਪ੍ਰਧਾਨ ਮੋਹਾਲੀ, ਲਾਭ ਸਿੰਘ ਐਵਰਸ਼ਾਈਨ ਪ੍ਰਧਾਨ ਬਠਿੰਡਾ (ਸ਼ਹਿਰੀ), ਸੁਰਿੰਦਰਪਾਲ ਸਿੰਘ ਜੌੜਾ ਪ੍ਰਧਾਨ ਬਠਿੰਡਾ (ਦਿਹਾਤੀ), ਰਣਜੀਤ ਸਿੰਘ ਪ੍ਰਧਾਨ ਗੁਰਦਾਸਪੁਰ (ਦਿਹਾਤੀ), ਸਤਿੰਦਰ ਸਿੰਘ ਪੀਤਾ ਪ੍ਰਧਾਨ ਜਲੰਧਰ (ਸ਼ਹਿਰੀ-1 ਹਲਕਾ ਜਲੰਘਰ ਨਾਰਥ ਅਤੇ ਸੈਂਟਰਲ), ਰਾਜਵੰਤ ਸਿੰਘ ਸੁੱਖਾ ਪ੍ਰਧਾਨ (ਜਲੰਧਰ ਸ਼ਹਿਰੀ-2 ਹਲਕਾ ਜਲੰਧਰ ਕੈਂਟ ਅਤੇ ਵੈਸਟ), ਬਲਵਿੰਦਰ ਸਿੰਘ ਆਲੇਵਾਲੀ ਪ੍ਰਧਾਨ ਜਲੰਧਰ (ਦਿਹਾਤੀ), ਜਸਵਿੰਦਰ ਸਿੰਘ ਪ੍ਰਧਾਨ ਪਠਾਨਕੋਟ (ਦਿਹਾਤੀ), ਸੁਖਵਿੰਦਰ ਸਿੰਘ ਪ੍ਰਧਾਨ ਪਠਾਨਕੋਟ ਸ਼ਹਿਰੀ, ਸੁਖਪਾਲ ਸਿੰਘ ਗਾਬੜੀਆ ਪ੍ਰਧਾਨ ਤਰਨ ਤਾਰਨ ਅਤੇ ਅਵਤਾਰ ਸਿੰਘ ਮਨੀਮਾਜਰਾ ਪ੍ਰਧਾਨ ਚੰਡੀਗੜ੍ਹ ਦੇ ਨਾਮ ਸ਼ਾਮਲ ਹਨ।

ਜਥੇਦਾਰ ਗਾਬੜੀਆ ਨੇ ਦੱਸਿਆ ਕਿ ਦਰਸ਼ਨ ਸਿੰਘ ਸਾਬਕਾ ਐਮ.ਸੀ ਨਾਭਾ ਅਤੇ ਭੁਪਿੰਦਰ ਸਿੰਘ ਭਾਨਾ ਨੂੰ ਵਿੰਗ ਦਾ ਜਥੇਬੰਦਕ ਸਕੱਤਰ ਬਣਾਇਆ ਗਿਆ ਹੈ। ਉਹਨਾਂ ਕਿਹਾ ਕਿ ਦਵਿੰਦਰ ਸਿੰਘ ਵਿਰਦੀ ਅੰਮ੍ਰਿਤਸਰ ਈਸਟ, ਸ਼ਮੇਜਰ ਖਾਨ ਭਾਦਸੋਂ ਨਾਭਾ ਅਤੇ ਹੀਰਾ ਗਿੱਲ ਦੀਨਾ ਨਗਰ ਨੂੰ ਬੀ.ਸੀ ਵਿੰਗ ਦਾ ਜੁਆਇੰਟ ਸਕੱਤਰ ਬਣਾਇਆ ਗਿਆ ਹੈ।

# ਪਰਵਾਸੀ ਪੰਜਾਬੀਆਂ ਦਾ ਧਿਆਨ ਪੰਜਾਬ ਵੱਲ ਰਹਿੰਦਾ ਹੈ

-ਪ੍ਰੋ. ਕੁਲਬੀਰ ਸਿੰਘ-

ਪੰਜਾਬੀ ਮੀਡੀਆ ਵਿਚ ਪਰਵਾਸੀ ਪੰਜਾਬੀਆਂ ਬਾਰੇ ਅਕਸਰ ਗੱਲ ਚੱਲਦੀ ਰਹਿੰਦੀ ਹੈ। ਕਦੇ ਉਨ੍ਹਾਂ ਦੀਆਂ ਪ੍ਰਾਪਤੀਆਂ ਬਾਰੇ ਅਤੇ ਕਦੇ ਉਨ੍ਹਾਂ ਦੀਆਂ ਸਮੱਸਿਆਵਾਂ, ਪ੍ਰੇਸ਼ਾਨੀਆਂ ਸੰਬੰਧੀ। ਕਦੇ ਸੱਤ ਸਮੁੰਦਰੋਂ ਪਾਰ ਕੀਤੇ ਉਨ੍ਹਾਂ ਦੇ ਸੰਘਰਸ਼ ਬਾਰੇ ਅਤੇ ਕਦੇ ਆਪਣੀ ਧਰਤੀ, ਅਪਣੇ ਘਰ-ਪਰਿਵਾਰ ਦੇ ਹੇਰਵੇ ਬਾਰੇ। ਕਦੇ ਵਿਦੇਸ਼ਾਂ ਵਿਚ ਉਨ੍ਹਾਂ ਨਲ ਹੁੰਦੇ ਵਿਤਕਰੇ ਦੇ ਪ੍ਰਸੰਗ ਵਿਚ ਅਤੇ ਕਦੇ ਆਰਥਿਕ ਅਸਾਵੇਂਪਨ ਤੇ ਮਹਿੰਗਾਈ ਦੇ ਇਸ ਦੌਰ ਵਿਚ ਜ਼ਿੰਦਗੀ ਦੀ ਤੋਰ ਨੂੰ ਰਵਾਂ ਰੱਖਣ ਵਿਚ ਪੇਸ਼ ਆਉਂਦੀਆਂ ਔਕੜਾਂ ਬਾਰੇ। ਇਨ੍ਹਾਂ ਸੱਭ ਬਾਰੇ ਗੱਲ ਕਰਦਿਆਂ ਪੰਜਾਬ ਦੀ, ਪੰਜਾਬੀ ਬੋਲੀ ਦੀ, ਪੰਜਾਬੀ ਜੀਵਨ ਦੀ, ਪੰਜਾਬੀ ਸਭਿਆਚਾਰ ਦੀ ਗੱਲ ਆਪਣੇ ਆਪ ਵਿਚ ਸ਼ਾਮਲ ਹੋ ਜਾਂਦੀ ਹੈ।

ਇੰਝ ਹੀ ਹੋਇਆ ਜਦ ਬੀਤੇ ਦਿਨੀਂ ਡੀ ਡੀ ਪੰਜਾਬੀ ਦੇ ਚਰਚਿਤ ਪ੍ਰੋਗਰਾਮ ਗੱਲਾਂ ਤੇ ਗੀਤ ਵਿਚ ਕੈਨੇਡਾ ਤੋਂ ਆਏ ਸ੍ਰੀ ਸਤਿੰਦਰਪਾਲ ਸਿੰਘ ਸਿਧਵਾਂ ਸ਼ਾਮਲ ਹੋਏ। ਉਹ ਚਰਚਿਤ ਮੀਡੀਆ ਸ਼ਖ਼ਸੀਅਤ ਹਨ ਅਤੇ ਕੈਨੇਡਾ ਦੇ ਸ਼ਹਿਰ ਟਰਾਂਟੋ ਵਿਚ ਲੰਮੇ ਸਮੇਂ ਤੋਂ ਬੇਹੱਦ ਚਰਚਿਤ ਸ਼ੋਅ ਪੰਜਾਬੀ ਲਹਿਰਾਂ ਦਾ ਪ੍ਰਸਾਰਨ ਕਰ ਰਹੇ ਹਨ।

ਸਾਲ 2023 ਦੇ ਅੰਕੜਿਆਂ ਅਨੁਸਾਰ 32285425 ਦੇ ਕਰੀਬ ਭਾਰਤੀ ਵਿਦੇਸ਼ਾਂ ਵਿਚ ਵੱਸੇ ਹੋਏ ਹਨ। ਇਕ ਅਨੁਮਾਨ ਅਨੁਸਾਰ ਇਕ ਕਰੋੜ ਦੇ ਲੱਗ ਭੱਗ ਪੰਜਾਬੀ ਦੁਨੀਆਂ ਦੇ ਵੱਖ ਵੱਖ ਦੇਸ਼ਾਂ ਵਿਚ ਜਾ ਵੱਸੇ ਹਨ। ਕੈਨੇਡਾ, ਅਮਰੀਕਾ, ਇੰਗਲੈਂਡ, ਆਸਟਰੇਲੀਆ, ਨਿਊਜ਼ੀਲੈਂਡ ਅਤੇ ਯੂਰਪ ਦੇ ਮੁਲਕਾਂ ਵਿਚ ਇਹ ਗਿਣਤੀ ਵਧੇਰੇ ਹੈ।

ਇਸੇ ਪ੍ਰਸੰਗ ਵਿਚ ਸਤਿੰਦਰਪਾਲ ਸਿੰਘ ਸਿਧਵਾਂ ਨੇ ਦੱਸਿਆ ਕਿ ਭਾਵੇਂ ਉਹ ਵਿਦੇਸ਼ਾਂ ਵਿਚ ਜਾ ਵੱਸੇ ਹਨ ਪਰ ਉਨ੍ਹਾਂ ਦਾ ਧਿਆਨ ਪੰਜਾਬ ਵੱਲ ਰਹਿੰਦਾ ਹੈ। ਕਿਉਂ ਕਿ ਇੱਥੇ ਉਹ ਜੰਮੇ ਪਲੇ ਅਤੇ ਆਪਣੇ ਘਰ-ਪਰਿਵਾਰ ਦੇ ਅੰਗ ਸੰਗ ਮਹੱਤਵਪੂਰਨ ਵਰ੍ਹੇ ਬਤੀਤ ਕੀਤੇ। ਪੰਜਾਬ ਪਰਵਾਸੀ ਪੰਜਾਬੀਆਂ ਲਈ ਪੇਕੇ ਘਰ ਵਾਂਗ ਹੈ। ਉਨ੍ਹਾਂ ਦੱਸਿਆ ਕਿ ਕੈਨੇਡਾ ਵਿਚ ਜਿਹੜੇ ਟੈਲੀਵਿਜ਼ਨ, ਰੇਡੀਓ ਪ੍ਰੋਗਰਾਮ ਵਿਚ ਪੰਜਾਬ ਤੇ ਪੰਜਾਬੀ ਦੀ ਵਧੇਰੇ ਗੱਲ ਹੁੰਦੀ ਹੈ ਉਨ੍ਹਾਂ ਨੂੰ ਵਧੇਰੇ ਇਸ਼ਤਿਹਾਰ ਮਿਲਦੇ ਹਨ। ਉਥੇ ਜਿਹੜੇ ਘਰਾਂ ਵਿਚ ਬੱਚਿਆਂ ਨੂੰ ਪੰਜਾਬੀ ਬੋਲਣ ਲਈ ਉਤਸ਼ਾਹਤ ਕੀਤਾ ਜਾਂਦਾ ਹੈ ਉਹ ਬੱਚੇ ਅਸਾਨੀ ਨਾਲ ਪੰਜਾਬੀ ਬੋਲਣੀ ਸਿੱਖ ਜਾਂਦੇ ਹਨ। ਕਈ ਸਕੂਲਾਂ ਵਿਚ ਵੀ ਪੰਜਾਬੀ ਪੜ੍ਹਨ ਦੀ ਸਹੂਲਤ ਹੈ ਅਤੇ ਕਈ ਲੋਕਾਂ ਨੇ ਨਿੱਜੀ ਪੱਧਰ ਤੇ ਪੰਜਾਬੀ ਸਕੂਲ ਖੋਲ੍ਹੇ ਹੋਏ ਹਨ।

ਕੈਨੇਡਾ ਵਿਚ ਲੇਖਕ ਅਤੇ ਸਾਹਿਤ ਸਭਾਵਾਂ ਬਹੁਤ ਸਰਗਰਮ ਹਨ। ਕੋਈ ਨਾ ਕੋਈ ਪੰਜਾਬੀ ਸਮਾਗਮ-ਸਮਾਰੋਹ ਚੱਲਦਾ ਹੀ ਰਹਿੰਦਾ ਹੈ। ਸੱਭ ਤੋਂ ਵੱਧ ਵਿਸ਼ਵ ਪੰਜਾਬੀ ਕਾਨਫ਼ਰੰਸਾਂ ਕੈਨੇਡਾ ਵਿਚ ਹੁੰਦੀਆਂ ਹਨ। ਪ੍ਰੋਗਰਾਮ ਦੌਰਾਨ ਸਤਿੰਦਰਪਾਲ ਸਿੰਘ ਸਿਧਵਾਂ ਨੇ ਪੰਜਾਬੀ ਪਹਿਰਾਵੇ, ਵਿਆਹ-ਸ਼ਾਦੀਆਂ, ਪੰਜਾਬੀ ਰਵਾਇਤਾਂ ਅਤੇ ਕਦਰਾਂ-ਕੀਮਤਾਂ ਦਾ ਵਿਸ਼ੇਸ਼ ਜ਼ਿਕਰ ਕੀਤਾ।

ਚੋਣ ਕਮਿਸ਼ਨ ਦੀ ਪਹਿਲਕਦਮੀ

ਪੰਜਾਬ ਵਿਚ ਪੇਡ ਨਿਊਜ਼ ਦੇ ਮਾਮਲਿਆਂ ਤੇ ਨਿਗਰਾਨੀ ਰੱਖਣ ਲਈ ਚੋਣ ਕਮਿਸ਼ਨ ਨੇ ਜਿਲ੍ਹਾ ਪੱਧਰ ਤੇ ਮੀਡੀਆ ਸਰਟੀਫਿਕੇਸ਼ਨ ਅਤੇ ਮੌਨੀਟਰਿੰਗ ਕਮੇਟੀਆਂ ਬਣਾਈਆਂ ਹਨ। ਸਮਝਿਆ ਜਾ ਰਿਹਾ ਹੈ ਕਿ ਪੇਡ ਨਿਊਜ਼ ਰੋਕਣ ਦੀ ਦਿਸ਼ਾ ਵਿਚ ਇਹ ਇਕ ਚੰਗਾ ਯਤਨ ਹੈ। ਸਖ਼ਤ ਹਦਾਇਤਾਂ ਜਾਰੀ ਕਰਦਿਆਂ ਨੋਡਲ ਅਫ਼ਸਰਾਂ ਨੂੰ ਤੁਰੰਤ ਕਾਰਵਾਈ ਦੇ ਅਧਿਕਾਰ ਦਿੱਤੇ ਗਏ ਹਨ। ਨੋਡਲ ਅਫ਼ਸਰ ਪੇਡ ਨਿਊਜ਼ ਦੀ ਰਿਪੋਰਟ ਕਰਨਗੇ।

ਜਿਵੇਂ ਜਿਵੇਂ ਚੋਣਾਂ ਨੇੜੇ ਆਉਂਦੀਆਂ ਜਾ ਰਹੀਆਂ ਹਨ ਤਿਵੇਂ ਤਿਵੇਂ ਮੀਡੀਆ ਵਿਚ ਚੋਣਾਵੀ ਸਰਗਰਮੀਆਂ ਨੂੰ ਵਧੇਰੇ ਕਵਰੇਜ ਮਿਲਣ ਲੱਗੀ ਹੈ। ਪੇਡ ਨਿਊਜ਼ ਦਾ ਰੁਝਾਨ ਕਾਫ਼ੀ ਪੁਰਾਣਾ ਹੈ ਅਤੇ ਸਮੇਂ ਨਾਲ, ਮੀਡੀਆ ਖੇਤਰ ਵਿਚ ਤੇਜ਼ੀ ਨਾਲ ਆ ਰਹੀਆਂ ਤਬਦੀਲੀਆਂ ਕਾਰਨ ਇਹ ਰੁਝਾਨ ਹੋਰ ਵੱਧਦਾ ਜਾ ਰਿਹਾ ਹੈ। ਪ੍ਰੈਸ ਕੌਂਸਲ ਆਫ਼ ਇੰਡੀਆ ਦੁਆਰਾ 2010 ਵਿਚ ਤਿਆਰ ਕੀਤੀ ਗਈ ਇਕ ਖੋਜ-ਆਧਾਰਿਤ ਰਿਪੋਰਟ ਵਿਚ ਇਸ ਰੁਝਾਨ ਦਾ ਖਲਾਸਾ ਵਿਸਥਾਰ ਵਿਚ ਕੀਤਾ ਗਿਆ ਸੀ।

ਭਾਵੇਂ ਇਸ ਰੁਝਾਨ ਦੀ ਹਰ ਪਾਸੇ ਹਰ ਪੱਧਰ ਤੇ ਆਲੋਚਨਾ ਹੁੰਦੀ ਹੈ ਪਰ ਜਿਵੇਂ ਕਿਵੇਂ ਇਹ ਰੁਝਾਨ ਪੂਰੀ ਤਰ੍ਹਾਂ ਰੁਕਿਆ ਨਹੀਂ ਹੈ।

ਮੰਨਿਆ ਜਾ ਰਿਹਾ ਹੈ ਕਿ ਇਸਦੀ ਸ਼ੁਰੂਆਤ 1950 ਦੇ ਇਰਦ ਗਿਰਦ ਹੋਈ। ਜਿਹੜੀ ਸਮੇਂ ਨਾਲ ਵੱਧਦੀ ਚਲੀ ਗਈ। ਮੀਡੀਆ ਦਾ ਇਕ ਹਿੱਸਾ ਹਰੇਕ ਚੋਣਾਂ ਦੌਰਾਨ ਇਸ ਰੁਝਾਨ ਤੋਂ ਵੱਧ ਤੋਂ ਵੱਧ ਲਾਹਾ ਲੈਣ ਦੀ ਕੋਸ਼ਿਸ਼ ਕਰਦਾ ਹੈ। ਹੁਣ ਇਕ ਪਾਸੇ ਚੋਣ ਕਮਿਸ਼ਨ ਸਖ਼ਤੀ ਵਿਖਾ ਰਿਹਾ ਹੈ ਦੂਸਰੇ ਪਾਸੇ ਸੁਪਰੀਮ ਕੋਰਟ ਦੇ ਸਖ਼ਤ ਫ਼ੈਸਲੇ ਆ ਰਹੇ ਹਨ। ਸਰਕਾਰ ਵੱਲੋਂ ਇੰਟਰਨੈਟ ਮੀਡੀਆ ਤੇ ਵਿਸ਼ੇਸ਼ ਨਜ਼ਰ ਰੱਖਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਨ੍ਹਾਂ ਹਦਾਇਤਾਂ ਦਾ ਮਨੋਰਥ ਇਹ ਹੈ ਕਿ ਡਿਜ਼ੀਟਲ ਪਲੇਟਫਾਰਮ ਚੋਣ-ਪ੍ਰਕਿਰਿਆ ਨੂੰ ਪ੍ਰਭਾਵਤ ਨਾ ਕਰ ਸਕਣ। ਸਬੰਧਤ ਮਹਿਕਮੇ ਨੇ ਬੀਤੇ ਦਿਨੀਂ ਇਕ ਉੱਚ-ਪੱਧਰੀ ਮੀਟਿੰਗ ਕਰਨ ਉਪਰੰਤ ਐਕਸ, ਇੰਸਟਾ, ਫੇਸਬੁਕ ਅਤੇ ਵੱਟਸਐਪ ਜਿਹੇ ਮੰਚਾਂ ਨੂੰ ਸਖ਼ਤੀ ਨਾਲ ਕਿਹਾ ਹੈ ਕਿ ਉਹ ਪੱਖਪਾਤੀ ਸਮੱਗਰੀ ਨੂੰ ਰੋਕਣ ਦੇ ਪੁਖ਼ਤਾ ਪ੍ਰਬੰਧ ਕਰਨ। ਅਜਿਹੇ ਮੌਕਿਆਂ ਤੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਦੀ ਵਰਤੋਂ ਦੀਆਂ ਦੁਨੀਆਂ ਭਰ ਵਿਚੋਂ ਅਨੇਕਾਂ ਉਦਾਹਰਨਾਂ ਸਾਹਮਣੇ ਆ ਰਹੀਆਂ ਹਨ।

ਚੋਣਾਂ ਦੌਰਾਨ ਪੇਡ ਨਿਊਜ਼ ਰੋਕਣ ਲਈ ਚੋਣ ਕਮਿਸ਼ਨ ਦੀ ਪਹਿਲਕਦਮੀਂ ਸਰਾਹੁਣਯੋਗ ਹੈ। ਚੋਣ ਅਮਲ ਲੰਮਾ ਚੱਲਣ ਕਾਰਨ ਨੋਡਲ ਅਫ਼ਸਰਾਂ ਨੂੰ ਵਧੇਰੇ ਚੌਕਸ ਰਹਿਣ ਦੀ ਲੋੜ ਹੈ। ਪੇਡ ਨਿਊਜ਼ ਦਾ ਸਹਾਰਾ ਲੈਣ ਵਾਲੇ ਮੀਡੀਆ ਨੂੰ ਇਸਦੀ ਕੀਮਤ ਤਾਰਨੀ ਪੈਂਦੀ ਹੈ। ਪਾਠਕਾਂ ਅਤੇ ਦਰਸ਼ਕਾਂ ਵਿਚ ਉਸਦੀ ਭਰੋਸੇਯੋਗਤਾ ਅਤੇ ਵਿਸ਼ਵਾਸ ਨੂੰ ਵੱਡਾ ਖੋਰਾ ਲੱਗਦਾ ਹੈ।

## ਚੋਣਾਂ ਸਬੰਧੀ ਕਿਸੇ ਵੀ ਜਾਣਕਾਰੀ/ਸ਼ਿਕਾਇਤ ਲਈ 01639-292843 ਤੇ ਕੀਤਾ ਜਾ ਸਕਦਾ ਹੈ ਸੰਪਰਕ : ਜ਼ਿਲ੍ਹਾ ਚੋਣ ਅਫ਼ਸਰ

ਫ਼ਰੀਦਕੋਟ, 3 ਅਪ੍ਰੈਲ (ਗਿਆਨ ਸਿੰਘ): ਡਿਪਟੀ ਕਮਿਸ਼ਨਰ-ਕਮ ਜ਼ਿਲ੍ਹਾ ਚੋਣ ਅਫ਼ਸਰ, ਫ਼ਰੀਦਕੋਟ ਸ੍ਰੀ ਵਿਨੀਤ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੋਕ ਸਭਾ ਚੋਣਾਂ-2024 ਸਬੰਧੀ ਚੋਣ ਜਾਬਤਾ ਲਾਗੂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਵਲੋਂ ਜਾਰੀ ਹਦਾਇਤਾਂ ਅਨੁਸਾਰ ਵੱਖ ਵੱਖ ਤਰ੍ਹਾਂ ਦੀਆਂ ਸ਼ਿਕਾਇਤਾਂ ਦਰਜ ਕਰਵਾਉਣ ਸਬੰਧੀ ਨੋਡਲ ਅਫ਼ਸਰ ਫਾਰ ਸ਼ਿਕਾਇਤਾਂ-ਕਮ- ਜ਼ਿਲ੍ਹਾ ਮਾਲ ਅਫ਼ਸਰ ਫ਼ਰੀਦਕੋਟ ਦੀ ਨਿਗਰਾਨੀ ਹੇਠ ਜ਼ਿਲ੍ਹਾ ਪੱਧਰ ਤੇ ਸ਼ਿਕਾਇਤ ਸੈਲ ਕਮਰਾ ਨੰਬਰ 247 ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਚੋਣ ਜ਼ਾਬਤਾ ਲਾਗੂ ਰਹੇਗਾ, ਚੋਣਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ, ਸ਼ਿਕਾਇਤ ਜਾਂ ਸੁਝਾਅ ਲਈ ਟੈਲੀਫੋਨ ਨੰਬਰ 01639-292843 ਅਤੇ ਵਟਸਐਪ ਨੰਬਰ 98763-62544 ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਸੰਪਰਕ ਨੰਬਰ 24 ਘੰਟੇ ਐਕਟਿਵ ਰਹੇਗਾ।

ਉਨ੍ਹਾਂ ਹੋਰ ਜਾਣਕਾਰੀ ਦਿੰਦਿਆ ਦੱਸਿਆ ਕਿ 07 ਮਈ ਤੋਂ 14 ਮਈ, 2024 ਤੱਕ ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਸਕਣਗੇ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 15 ਮਈ ਨੂੰ ਅਤੇ ਵਾਪਸੀ 17 ਮਈ ਤੱਕ ਹੋ ਸਕੇਗੀ। ਮਤਦਾਨ 01 ਜੂਨ 2024 ਨੂੰ ਹੋਵੇਗਾ ਅਤੇ ਗਿਣਤੀ 04 ਜੂਨ, 2024 ਨੂੰ ਹੋਵੇਗੀ।






The Mortgage Centre
We work for *you*, not the lenders.




**Debt Consolidation** | **Renovations & Repairs** | **Avoiding High penalities**

No Credit or becon score check.
No income verifiaction.
Interest payments only.
Pay off high interest debts.
75%-80% LTV.

Must have home equity.....

If you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

**Rexdale Financial Services**

---

## URGENTLY NEED NEW LISTINGS IN BRAMPTON/CALEDON



visit: www.teamjagaujla.com

# JAG AUJLA

MCNE, REAL ESTATE BROKER

ADVERTISEMENT GUARANTEED TILL SOLD

# 416-371-7777

e-mail: j.aujla@rogers.com or visit: www.jagaujla.com

MCNE

## CALL JAG AUJLA FOR A QUICK & FREE HOME EVALUATION

www.BramptonTopRealtor.com

## RECENTLY LISTED IN YOUR NEIGHBOURHOOD

### Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

### James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

### Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

### Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

**FREE**
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph: 905-456-3232

JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

---

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

## CANADA'S MOVING COMPANY




WE MOVE COAST TO COAST WITHIN CANADA,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

**Call: 416.524.6704**
**www.hkmovers.ca**

2023 ThreeBest Rated Certificate of Excellence

SAFE, RELIABLE AND EFFICIENT SERVICE AT THE BEST RATES

# Asian Food Centre

WE'RE HERE TO SERVE ONLY THE BEST PRODUCTS FOR YOU.

# FRESH FRUITS & VEGETABLES

Healthy & fresh grocery



Variety of Indian Sweets Available

OPEN NOW

340 Woodlawn RD
Guelph, N1H 7K6

**ETOBICOKE**
10 Westmore Dr. MEAT SHOP AVAILABLE
416-740-3262

**MISSISSAUGA**
1075 Ceremonial Dr MEAT SHOP AVAILABLE
905-502-1600

**BRAMPTON**
621 Wanless Dr. MEAT SHOP AVAILABLE
905-495-3336

**BRAMPTON**
2120 N Park Dr. MEAT SHOP AVAILABLE
905-793-1338

**BRAMPTON**
80 Pertosa Dr.
905-460-0009

TOLL FREE
1-800-708-9232

**BRAMPTON**
40 Airport RD & Lacoste Blvd. MEAT SHOP AVAILABLE
905-794-8109

**BRAMPTON**
10510 Torbram Rd.
905-790-0030

**BRAMPTON**
10 Pannahill Dr. MEAT SHOP AVAILABLE
905-913-8017

**GUELPH**
340 Woodlawn Rd W
226-669-0004

We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media